
ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਗੁਰਦੁਆਰਾ ਸਾਹਿਬ ਪਿੰਡ ਰੰਬਾ ਵਿਖੇ ਸਤਿਕਾਰਯੋਗ ਜਥੇਦਾਰ ਬਾਬਾ ਸੁੱਖਾ ਸਿੰਘ ਜੀ ਕਾਰ ਸੇਵਾ ਡੇਰਾ ਕਰਨਾਲ ਵਾਲਿਆਂ ਦੇ ਸਤਿਕਾਰਯੋਗ ਪਿਤਾ

# ਬਾਪੂ ਸੁੱਚਾ ਸਿੰਘ ਜੀ ਦੀ ਅੰਤਿਮ ਅਰਦਾਸ ਸਮੇ ਸ਼ਰਧਾ ਦੇ ਫੁੱਲ ਭੇਂਟ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਸਮੇਤ ਅਨੇਕਾਂ ਪੰਥਕ ਤੇ ਧਾਰਮਿਕ ਸ਼ਖਸੀਅਤਾਂ ਨੇ ਕੀਤੀ ਸ਼ਮੂਲੀਅਤ






ਗੁਰਦੁਆਰਾ ਸਾਹਿਬ ਪਿੰਡ ਰੰਬਾ ਵਿਖੇ ਸਤਿਕਾਰਯੋਗ ਜਥੇਦਾਰ ਬਾਬਾ ਸੁੱਖਾ ਸਿੰਘ ਜੀ ਕਾਰ ਸੇਵਾ ਡੇਰਾ ਕਰਨਾਲ ਵਾਲਿਆਂ ਦੇ ਸਤਿਕਾਰਯੋਗ ਪਿਤਾ ਬਾਪੂ ਸੁੱਚਾ ਸਿੰਘ ਜੀ ਦੀ ਅੱਜ ਅੰਤਿਮ ਅਰਦਾਸ ਸਮੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹੋਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸ.ਗੁਲਾਬ ਸਿੰਘ ਮੂਨਕ ਮੀਤ ਸਕੱਤਰ,ਸਪੋਕਸਮੈਨ ਕੰਵਲਜੀਤ ਸਿੰਘ ਅਜਰਾਨਾ,ਡਾਕਟਰ ਪ੍ਰਭਲੀਨ ਸਿੰਘ ਪ੍ਰਬੰਧਕੀ ਅ.ਫਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ,ਬਾਬਾ ਮਹਿੰਦਰ ਸਿੰਘ ਜੀ ਕਾਰ ਸੇਵਾ ਬਾਉਲੀ ਸਾਹਿਬ ਪਿਹੋਵੇ ਵਾਲੇ,ਬਾਬਾ ਪਾਲਾ ਸਿੰਘ ਜੀ ਕੋੜਿਆਲਾ ਘਾਟ ਯੂਪੀ ਵਾਲੇ,ਗਿ:ਸੂਬਾ ਸਿੰਘ ਮੁੱਖ ਗ੍ਰੰਥੀ ਤਰਾਵੜੀ ਅਤੇ ਹਾਜ਼ਰ ਸਿੱਖ ਸੰਗਤਾਂ।






ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੰਥਕ ਆਗੂਆਂ ਵੱਲੋਂ

# 1699 ਦੀ ਵੈਸਾਖੀ ਕਿਤਾਬ ਜਾਰੀ



**ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ)-** ਅੱਜ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੰਥਕ ਆਗੂਆਂ ਵੱਲੋਂ ਲੇਖਕ ਡਾਕਟਰ ਕਿਰਨਪ੍ਰੀਤ ਕੌਰ ਬਾਠ ਦੀ ਲਿਖੀ ਕਿਤਾਬ 1699 ਦੀ ਵੈਸਾਖੀ ਇੱਕ ਅਲੌਕਿਕ ਸਫਰ ਨਿਰਮਲ ਪੰਥ ਤੋਂ ਖਾਲਸਾ ਪੰਥ ਤੱਕ ਰਿਲੀਜ਼ ਕੀਤੀ ਗਈ। ਕਿਤਾਬ ਜਾਰੀ ਕਰਨ ਤੋਂ ਪਹਿਲਾਂ ਸਰਬੱਤ ਖਾਲਸਾ ਵਲੋਂ ਥਾਪੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ (ਨਜ਼ਰਬੰਦ ਤਿਹਾੜ ਜੇਲ ਨਵੀਂ ਦਿੱਲੀ) ਦੇ ਜਨਮ ਦਿਨ ਤੇ ਉਹਨਾਂ ਦੀ ਚੜ੍ਹਦੀ ਕਲਾ, ਤੰਦਰੁਸਤੀ ਤੇ ਰਿਹਾਈ ਲਈ ਅਰਦਾਸ ਵੀ ਕੀਤੀ ਗਈ। ਇਸ ਮੌਕੇ ਕਿਤਾਬ ਦੀ ਲੇਖਿਕਾ ਡਾਕਟਰ ਕਿਰਨਪ੍ਰੀਤ ਕੌਰ ਬਾਠ ਇੰਗਲੈਂਡ, ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਦੇ ਮੁਖੀ ਪ੍ਰੋਫੈਸਰ ਬਲਜਿੰਦਰ ਸਿੰਘ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਗੁਰੂ ਨਾਨਕ ਯੂਨੀਵਰਸਿਟੀ ਤੋਂ ਸੱਥ ਦੇ ਆਗੂ ਭਾਈ ਜੁਝਾਰ ਸਿੰਘ, ਭਾਈ ਭੁਪਿੰਦਰ ਸਿੰਘ ਭਿੰਦਾ (ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ) ਅਤੇ ਬੀਬੀ ਰਸ਼ਿਪੰਦਰ ਕੌਰ ਗਿੱਲ ਅਤੇ ਭਾਈ ਮਨਜੀਤ ਸਿੰਘ ਜੰਮੂ ਆਦਿ ਆਗੂ ਹਾਜ਼ਰ ਸਨ। ਡਾਕਟਰ ਕਿਰਨਪ੍ਰੀਤ ਕੌਰ ਬਾਠ ਨੇ ਕਿਹਾ ਕਿ ਇਸ ਕਿਤਾਬ ਦੇ ਪਹਿਲੇ ਹਿੱਸੇ ਵਿੱਚ ਗੁਰੂ ਨਾਨਕ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਸਾਹਿਬ ਤਕ ਗੁਰਮੁਖ ਦੀ ਘਾੜਤ, ਖਾਲਸੇ ਦੀ ਤਿਆਰੀ, ਸਿਰਜਣਾ ਅਤੇ ਉਦੇਸ਼ ਬਾਰੇ ਵਿਸਥਾਰ ਸਹਿਤ ਗੱਲ ਕੀਤੀ ਹੈ। ਦੂਸਰੇ ਹਿੱਸੇ ਵਿੱਚ ਪੰਜ ਪਿਆਰਿਆਂ ਦੀ ਸੰਖੇਪ ਜੀਵਨੀ ਦਿੱਤੀ ਹੈ ਪੰਜ ਪਿਆਰਿਆਂ ਦੇ ਵਡੇਰੇ ਗੁਰੂ ਨਾਨਕ ਸਾਹਿਬ ਦੀ ਸਿੱਖੀ ਅਪਣਾ ਚੁੱਕੇ ਸਨ, ਸੋ ਪੰਜ ਪਿਆਰਿਆਂ ਦਾ ਹਿੰਦੂ-ਮਤ ਨਾਲ਼ ਕੋਈ ਵਾਸਤਾ ਨਹੀਂ ਸੀ, ਜਿੱਥੋਂ ਤਕ ਮੈਂ ਸਮਝਦੀ ਹਾਂ ਜਦੋਂ ਹਮਲਾ ਬੌਧਿਕ ਹੋਵੇ ਤਾਂ ਜਵਾਬ ਵੀ ਬੌਧਿਕ ਹੀ ਹੋਣਾ ਚਾਹੀਦਾ ਹੈ। ਪੰਥਕ ਆਗੂਆਂ ਪ੍ਰੋਫੈਸਰ ਬਲਜਿੰਦਰ ਸਿੰਘ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਤੇ ਭਾਈ ਜੁਝਾਰ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਜੀ ਤੋਂ ਗੁਰੂ ਗੋਬਿੰਦ ਸਿੰਘ ਜੀ ਤੱਕ ਦਸ ਗੁਰੂ ਸਾਹਿਬਾਨ ਇੱਕੋ ਜੋਤ ਅਤੇ ਇੱਕੋ ਸਰੂਪ ਸਨ ਉਹਨਾਂ ਨੂੰ ਵੱਖ ਵੱਖ ਕਰਕੇ ਨਾ ਵੇਖਿਆ ਜਾਵੇ ਜੋ ਗੁਰੂ ਨਾਨਕ ਸਾਹਿਬ ਨੇ ਨਿਰਮਲ ਪੰਥ ਚਲਾਇਆ ਸੀ ਉਸੇ ਨੇ ਹੀ ਖਾਲਸਾ ਪੰਥ ਦਾ ਰੂਪ ਧਾਰਨ ਕੀਤਾ, ਰਬਾਬ ਦਾ ਸਫਰ ਨਗਾਰੇ ਅਤੇ ਕਿਰਪਾਨ ਤੱਕ ਪਹੁੰਚਿਆ। ਬੀਬੀ ਕਿਰਨਪ੍ਰੀਤ ਕੌਰ ਬਾਠ ਨੇ ਕਿਹਾ ਕਿ ਜਦੋਂ ਹਮਲਾ ਬੌਧਿਕ ਹੋਵੇ ਤੇ ਜਵਾਬ ਵੀ ਬੌਧਿਕ ਹੋਣਾ ਚਾਹੀਦਾ ਹੈ, ਮੈਂ ਜਥੇਦਾਰ ਮਹਿੰਦਰ ਸਿੰਘ (ਯੂ.ਕੇ.) ਹੁਰਾਂ ਦੀ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਨੇ ਮੈਨੂੰ ਗੁਰ- ਇਤਿਹਾਸ ਦੀ ਇਸ ਖੋਜ ਵਿੱਚ ਹਮੇਸ਼ਾ ਸਹਾਇਤਾ ਦਿੱਤੀ। ਇਹ ਕਿਤਾਬ ਵੀ ਉਹਨਾਂ ਦੀ ਪ੍ਰੇਰਨਾ-ਸਦਕਾ ਹੀ ਹੋਂਦ ਵਿੱਚ ਆਈ ਹੈ। ਗਿੱਧੇ-ਭੰਗੜੇ ਵਾਲ਼ੀ ਵਿਸਾਖੀ ਤਾਂ ਕਈ ਵਾਰ ਆਈ ਵੀ ਤੇ ਗਈ ਵੀ ਪਰ ਖ਼ਾਲਸੇ ਦੀ ਵੈਸਾਖੀ ਇੱਕੋ ਆਈ 1699 ਵਿੱਚ, ਜਿਸ ਨੇ ਪੰਥ ਦੀ ਵਿਲੱਖਣਤਾ, ਪ੍ਰਭੂਸੱਤਾ ਅਤੇ ਹੋਂਦ ਨੂੰ ਸਦਾ-ਚਿਰ ਲਈ ਪਰਿਭਾਸ਼ਿਤ ਕਰ ਦਿੱਤਾ। ਇਸ ਮੌਕੇ ਗਗਨਦੀਪ ਸਿੰਘ ਸੁਲਤਾਨਵਿੰਡ, ਮਨਪ੍ਰੀਤ ਸਿੰਘ ਮੰਨਾ ਤੇ ਹੋਰ ਹਾਜ਼ਰ ਸਨ।

**ਇਹ ਕਿਤਾਬ ਸਿੱਖਾਂ ਦੀ ਵੱਖਰੀ ਹੋਂਦ ਤੇ ਨਿਆਰੇਪਣ ਦੀ ਬਾਤ ਪਾਉਂਦੀ ਹੈ : ਪੰਥਕ ਆਗੂ**

### ਭਾਜਪਾ ਦੇ ਹੱਥ ਵਿੱਚ ਦੇਸ਼ ਦਾ ਭਵਿੱਖ ਸੁਰੱਖਿਅਤ: ਪਿੰਟੂ/ਜੌਲੀ

# ਕਿਹਾ: ਆਪਣੇ ਬੱਚਿਆਂ ਦੇ ਭਵਿੱਖ ਲਈ ਸੰਧੂ ਸਮੁੰਦਰੀ ਨੂੰ ਵੋਟ ਕਰੋ

ਅੰਮ੍ਰਿਤਸਰ, 17 ਮਈ (): ਹਲਕਾ ਉਤਰੀ ਦੇ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ ਅਤੇ ਸਾਬਕਾ ਡਿਪਟੀ ਮੇਅਰ ਅਵਿਨਾਸ਼ ਜੌਲੀ ਨੇ ਸੰਯੁਕਤ ਰੂਪ ਵਿੱਚ ਕਿਹਾ ਕਿ ਭਾਜਪਾ ਦੇ ਹੱਥ ਵਿੱਚ ਦੇਸ਼ ਦਾ ਭਵਿੱਖ ਸੁਰੱਖਿਅਤ ਹੈ। ਦੇਸ਼ ਦੇ ਪ੍ਰਧਾਨ ਸ਼੍ਰੀ ਨਰਿੰਦਰ ਮੋਦੀ ਜੀ ਵੱਲੋਂ ਅੰਮ੍ਰਿਤਸਰ ਦੇ ਲਈ ਭੇਜੇ ਗਏ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾ ਕੇ ਆਪਣੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰੋ। ਅੱਜ ਵਾਰਡ ਨੰਬਰ 10 ਦੇ ਡਾਇਮੰਡ ਐਵਨਿਊ ਏਰੀਆ ਵਿੱਚ ਨਰਿੰਦਰ ਜੌਲੀ ਸੋਨੂੰ ਦੇ ਨਿਵਾਸ ਸਥਾਨ ਤੇ ਹੋਈ ਕਾਰਜਕਰਤਾਵਾਂ ਤੇ ਸਥਾਨਕ ਲੋਕਾਂ ਦੀ ਮੀਟਿੰਗ ਦੇ ਦੌਰਾਨ ਨਰਿੰਦਰ ਜੌਲੀ ਸੋਨੂੰ ਨੂੰ ਨੌਰਥ ਬਾਈਪਾਸ ਮੰਡਲ ਦਾ ਸਕੱਤਰ ਨਿਯੁਕਤ ਕੀਤਾ ਗਿਆ। ਉੱਥੇ ਇਸ ਪ੍ਰੋਗਰਾਮ ਦੇ ਦੌਰਾਨ ਸੰਧੂ ਸਮੁੰਦਰੀ ਦੀ ਭੈਣ ਨੀਨਾ, ਮਹਿਲਾ ਮੋਰਚਾ ਪ੍ਰਧਾਨ ਤੇ ਵਾਰਡ ਨੰਬਰ 10 ਦੀ ਇੰਚਾਰਜ ਸ਼ਰੂਤੀ ਵਿਜ, ਮੰਡਲ ਪ੍ਰਧਾਨ ਕਿਸ਼ੋਰ ਰੈਣਾ, ਸ਼ਕਤੀ ਕੇਂਦਰ ਪ੍ਰਮੁੱਖ ਅੰਕੁਰ ਅਰੋੜਾ, ਪ੍ਰਮੋਦ ਮਹਾਜਨ, ਆਈ.ਟੀ ਕਨਵੀਨਰ ਪ੍ਰੋਫੈਸਰ ਭਨੋਟ, ਵਿਕਰਾਂਤ ਸ਼ੋਰੀ ਤੇ ਹੋਰ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ।



ਮੀਟਿੰਗ ਵਿੱਚ ਵਿਸ਼ੇਸ਼ ਰੂਪ ਤੇ ਪਹੁੰਚੇ ਉਮੀਦਵਾਰ ਦੀ ਭੈਣ ਨੀਨਾ ਨੇ ਅਪੀਲ ਕਰਦਿਆਂ ਹੋਇਆ ਕਿਹਾ ਕਿ ਅੰਮ੍ਰਿਤਸਰ ਵਾਸੀਆਂ ਦੇ ਲਈ ਇਹ ਸੁਨਹਿਰੀ ਮੌਕਾ ਹੈ ਕਿ ਉਹ ਅੰਮ੍ਰਿਤਸਰ ਦੇ ਵਿਕਾਸ ਦੇ ਲਈ ਨਵੀਂ ਗਾਥਾ ਲਿਖਣ। ਇਸ ਦੇ ਲਈ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾ ਕੇ ਉਹਨਾਂ ਨੂੰ ਸੰਸਦ ਭੇਜਿਆ ਜਾਵੇ ਤਾਂ ਕਿ ਉਹ ਅੰਮ੍ਰਿਤਸਰ ਦੇ ਰੁਕੇ ਹੋਏ ਵਿਕਾਸ ਦੇ ਕੰਮਾਂ ਨੂੰ ਪੂਰਾ ਕਰ ਸਕਣ। ਉਹਨਾਂ ਨੇ ਕਿਹਾ ਕਿ ਸੰਧੂ ਸਮੁੰਦਰੀ ਦਾ ਕੇਵਲ ਇੱਕ ਹੀ ਉਦੇਸ਼ ਹੈ "ਵਿਕਸਿਤ ਅੰਮ੍ਰਿਤਸਰ÷। ਉਹ ਅੰਮ੍ਰਿਤਸਰ ਨੂੰ ਹਰ ਖੇਤਰ ਵਿੱਚ ਵਿਕਸਿਤ ਕਰਨਾ ਚਾਹੁੰਦੇ ਹਨ। ਇਹ ਚੋਣ ਸਾਡੇ ਬੱਚਿਆਂ ਦੇ ਭਵਿੱਖ ਦਾ ਚੋਣ ਹੈ। ਇਸ ਲਈ ਸਹੀ ਨੂੰ ਚੁਣੋ, ਭਾਜਪਾ ਨੂੰ ਚੁਣੋ।

ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਕਿਹਾ ਕਿ ਅੱਜ ਸਾਡਾ ਦੇਸ਼ ਵਿਸ਼ਵ ਦੇ ਅਗਲੇ ਦੇਸ਼ਾਂ ਦੀ ਸੂਚੀ ਵਿੱਚ ਖੜਾ ਹੈ। ਇਹ ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਅਣਥੱਕ ਯਤਨਾਂ ਦੇ ਨਾਲ ਸੰਭਵ ਹੋ ਪਾਇਆ ਹੈ। ਅਗਲੇ ਪੰਜ ਸਾਲਾਂ ਦੇ ਵਿੱਚ ਕਈ ਅਜਿਹੇ ਵੱਡੇ ਫੈਸਲੇ ਲਏ ਜਾਣੇ ਹਨ ਜਿਸ ਨਾਲ ਦੇਸ਼ ਉਸ ਸਥਾਨ ਤੇ ਪਹੁੰਚੇ ਜਾਵੇਗਾ ਜਿੱਥੇ ਅਸੀਂ ਦੇਸ਼ ਵਾਸੀ ਦੇਖਣਾ ਚਾਹੁੰਦੇ ਹਾਂ। ਪਿਛਲੇ ਸੱਤ ਸਾਲਾਂ ਤੋਂ ਕਾਂਗਰਸੀ ਐਮ.ਪੀ ਵੱਲੋਂ ਸ਼ਹਿਰ ਦੇ ਲਈ ਕੁਝ ਨਹੀਂ ਕੀਤਾ ਗਿਆ। ਇਸ ਵਾਰ ਲੋਕ ਗਲਤੀ ਨਾ ਕਰਨ ਭਾਜਪਾ ਨੂੰ ਵੋਟ ਦੇਣ ਤਾਂ ਕਿ ਸ਼ਹਿਰ ਦਾ ਵਿਕਾਸ ਤੇਜ਼ੀ ਨਾਲ ਹੋ ਸਕੇ।

ਮੰਡਲ ਪ੍ਰਧਾਨ ਕਿਸ਼ੋਰ ਰੈਣਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਹੁਮਤ ਨਾਲ ਜਿਤਾ ਕੇ ਸੰਧੂ ਸਮੁੰਦਰੀ ਨੂੰ ਲੋਕ ਸਭਾ ਭੇਜਣ। ਇਸ ਮੌਕੇ ਤੇ ਅਸ਼ੋਕ ਗੁਪਤਾ, ਸੁਰਿੰਦਰ ਕੁਮਾਰ ਅਗਰਵਾਲ, ਰਮੇਸ਼ ਮਹਾਜਨ, ਵਿਜੇ ਜੌਲੀ, ਵਰਿੰਦਰ ਕੁਮਾਰ ਮੋਨੂ, ਵਿਸ਼ਾਲ ਪਾਂਧੀ, ਵਿਕਰਮ, ਰਾਜੇਸ਼ ਸ਼ਰਮਾ, ਗੁਰਇਕਬਾਲ ਸਿੰਘ, ਹਰਦੀਪ ਸਿੰਘ, ਨਿਤਿਨ ਸ਼ਰਮਾ, ਕਮਲ ਸੂਰੀ, ਦਿਨੇਸ਼ ਸ਼ਰਮਾ, ਗੁਰਬਖਸ਼ੀਸ਼ ਸਿੰਘ, ਵਿਨੋਦ ਕੁਮਾਰ, ਵਿਨੋਦ ਅਬਰੋਲ, ਬੁਸ਼ਿਤ ਅਬਰੋਲ, ਰਾਹੁਲ ਕਪੂਰ, ਜਿੰਮੀ ਜੌਲੀ, ਅਮਰਿੰਦਰ ਸਿੰਘ ਸ਼ੀਨਾ, ਵਿਪਨ ਬਿੰਦਰਾ, ਰਘੂ ਸ਼ਰਮਾ ਤੇ ਹੋਰ ਮੌਜੂਦ ਸਨ।

**ਨਰਿੰਦਰ ਜੌਲੀ ਸੋਨੂੰ ਨੂੰ ਨੌਰਥ ਬਾਈਪਾਸ ਮੰਡਲ ਦਾ ਸਕੱਤਰ ਬਣਾਇਆ**

# ਸਿਹਤ ਵਿਭਾਗ ਵਲੋਂ ਜੱਚਾ-ਬੱਚਾ ਸਿਹਤ ਸੇਵਾਵਾਂ ਸਬੰਧੀ ਆਮ ਆਦਮੀਂ ਕਲੀਨਿਕ ਡਾਕਟਰਾਂ ਨਾਲ ਕੀਤੀ ਗਈ ਅਹਿਮ ਮੀਟਿੰਗ




**ਅੰਮ੍ਰਿਤਸਰ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਦਫਤਰ ਸਿਵਲ ਸਰਜਨ ਵਿਖੇ ਸਿਵਲ ਸਰਜਨ ਡਾ ਸੁਮੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੂਸਾਰ ਜੱਚਾ-ਬੱਚਾ ਸਿਹਤ ਸੇਵਾਵਾਂ ਵਿਚ ਸੁਧਾਰ ਲਿਆਓਣ ਲਈ ਸਮੂਹ ਆਮ ਆਦਮੀਂ ਕਲਿਨਿਕ ਡਾਕਟਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਅਵਸਰ ਤੇ ਜਿਲਾ੍ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਅਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਵਲੋਂ ਕਿਹਾ ਕਿ ਮਟਰਨਲ ਅਤੇ ਚਾਇਲਡ ਡੈਥ ਰੇਟ ਵਿਚ ਸੁਧਾਰ ਲਿਆਓਣ ਲਈ ਸਭ ਤੋਂ ਜਰੂਰੀ ਹੈ ਕਿ ਗਰਭਵਤੀ ਮਾਵਾ ਦੀ ਜਲਦੀ ਰਜਿਸਟ੍ਰੇਸ਼ਨ ਕਰਵਾਈ ਜਾਵੇ ਤਾਂ ਜੋ ਸਮੇਂ ਸਿਰ ਹਾਈਰਿਸਕ ਕੇਸਾਂ ਦੀ ਪਹਿਚਣ ਹੋ ਸਕੇ ਅਤੇ ਸਮੇਂ ਤੇ ਸਿਰ ਇਲਾਜ ਕਰਵਾਇਆ ਜਾ ਸਕੇ। ਉਹਨਾਂ ਕਿਹਾ ਕਿ ਬਹੁਤ ਸਾਰੇ ਹਾਈਰਿਸਕ ਕੇਸਾਂ ਵਿਚ ਗਰਭਵਤੀ ਮਾਵਾਂ ਅਨੀਮੀਆ, ਸ਼ੂਗਰ, ਹਾਈਪਰਟੇਂਸ਼ਨ, ਪ੍ਰੀਵੀਅਸ ਸਜੇਰੀਅਨ, ਉਮਰ17 ਤੋਂ ਘੱਟ ਜਾਂ 35 ਤੋਂ ਵੱਧ ਹੋਣਾਂ, ਭਾਰ ਬਹੁਤ ਜਿਆਦਾ ਘੱਟ ਜਾਂ ਵੱਧ ਹੋਣਾਂ, ਕੱਦ ਬਹੁਤ ਛੋਟਾ ਹੋਣਾਂ, ਸ਼ਰੀਰ ਅਤੇ ਪੈਰਾਂ ਤੇ ਸੋਜ ਪੈਣੀ, ਦੌਰੇ ਪੈਣਾਂ, ਵਾਰ-ਵਾਰ ਖੂਨ ਪੈਣਾਂ, ਬੱਚਾ ਬ੍ਰੀਚ ਹੋਣਾਂ, ਮਲਟੀਪਲ ਅਬਾਰਸ਼ਨ ਹੋਣਾਂ, ਜੌੜੇ ਬੱਚੇ ਹੋਣਾਂ ਜਾਂ ਪਹਿਲਾਂ ਸਟਿਲ ਬਰਥ ਹਿਸਟਰੀ ਹੋਣਾਂ ਆਦਿ ਸ਼ਾਮਲ ਹੁੰਦਾ ਹੈ, ਜੇਕਰ ਕਿਸੇ ਨੂੰ ਵੀ ਪਹਿਲਾਂ ਤੋਂ ਅਜਿਹੀ ਸੱਮਸਿਆ ਰਹੀ ਹੋਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲਈ ਨਜਦੀਕ ਦੇ ਸਰਕਾਰੀ ਹੈਲਥ ਸੈਂਟਰ ਤੇ ਜਾ ਕੇ ਆਪਣੀ ਜਾਂਚ ਤੇ ਇਲਾਜ ਕਰਵਾਉਣਾਂ ਚਾਹੀਦਾ ਹੈ। ਉਹਨਾਂ ਇਸ ਅਵਸਰ ਤੇ ਬੜੇ ਹੀ ਵਿਸ਼ਥਾਰ ਨਾਲ ਜੱਚਾ-ਬੱਚਾ ਸਿਹਤ ਸੰਭਾਲ, ਟੀਕਾਰਣ, ਜੇ.ਐਸ.ਐਸ.ਕੇ., ਫੈਮਲੀ ਪਲੈਨਿੰਗ, ਸੈਕਸ ਰੇਸ਼ੋ, ਨੈਸ਼ਨਲ ਹੈਲਥ ਪ੍ਰੋਗਰਾਮ, ਡੇਂਗੂ, ਚਿਕਨਗੁਨੀਆਂ, ਮਟਰਨਲ ਅਤੇ ਚਾਇਲਡ ਡੈਥ ਦੇ ਕਾਰਣ, ਇਲਾਜ ਅਤੇ ਸਵਧਾਨੀਆਂ ਸੰਬਧੀ ਟਰੇਨਿੰਗ ਦਿੱਤੀ ਗਈ ਅਤੇ ਕਿਹਾ ਗਿਆ ਕਿ ਇਸ ਮੀਟਿੰਗ ਦਾ ਮੱਖ ਮੰਤਵ ਜਿਲ੍ਹੇ ਵਿਚ ਐਮ.ਐਮ.ਆਰ. ਅਤੇ ਸੀ.ਡੀ.ਆਰ. ਨੂੰ ਘਟਾਉਣਾ ਹੈ। ਇਸ ਵਿੱਚ ਸੁਧਾਰ ਲਿਆਉਣ ਲਈ ਹਰ ਸਭੰਵ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਡਾ ਰਾਘਵ ਗੁਪਤਾ, ਡਾ ਵਨੀਤ, ਡਾ ਨਵਦੀਪ ਕੌਰ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਆਮਆਦਮੀਂ ਕਲੀਨਿਕਾਂ ਦੇ ਮੈਡੀਕਲ ਅਫਸਰ ਅਤੇ ਸਟਾਫ ਹਾਜਰ ਸਨ।

# ਭਾਜਪਾ ਉਮੀਦਵਾਰ ਦਾ ਪਿੰਡ ਭਾਗੀਵਾਂਦਰ ਵਿਖੇ ਹੋਇਆ ਵਿਰੋਧ






ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਦੇ ਪਿੰਡ ਭਾਗੀਵਾਂਦਰ ਵਿਖੇ ਭਾਜਪਾ ਉਮੀਦਵਾਰ ਪਰਮਪਾਲ ਕੌਰ ਸਿੱਧੂ ਨੇ ਇਕੱਠ ਨੂੰ ਸੰਬੋਧਨ ਕਰਨਾ ਸੀ ਜਿਸਦੀ ਭਿਣਕ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਨੂੰ ਪਈ ਕਿਸਾਨ ਮੌਕੇ 'ਤੇ ਪਹੁੰਚ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 11 ਸਵਾਲ ਜੋ ਭਾਜਪਾ ਉਮੀਦਵਾਰ ਨੂੰ ਪੁੱਛੇ ਉਹਨਾਂ ਦਾ ਜਵਾਬ ਦੇਣ ਤੋਂ ਭੱਜ ਨਿਕਲੇ ਕਿਉਂਕਿ ਇਹਨਾਂ ਲੀਡਰਾਂ ਕੋਲ ਸਵਾਲਾਂ ਦੇ ਜਵਾਬ ਹੈ ਹੀ ਨਹੀਂ ਸਨ। ਕਿਸਾਨਾਂ ਨੇ ਭਾਜਪਾ ਖ਼ਿਲਾਫ਼ ਜਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਰਾਜਮਹਿੰਦਰ ਸਿੰਘ ਕੋਟਭਾਰਾ ਜਿਲ੍ਹਾ ਜਰਨਲ ਸਕੱਤਰ, ਬਲਕਰਨ ਸਿੰਘ ਭਾਗੀਵਾਂਦਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਲਛਮਣ ਸਿੰਘ ਭਾਗੀਵਾਂਦਰ ਬਲਾਕ ਪ੍ਰਧਾਨ ਤਲਵੰਡੀ ਸਾਬੋ, ਦਰਸ਼ਨ ਸਿੰਘ ਭਾਗੀਵਾਂਦਰ, ਜਗਦੇਵ ਸਿੰਘ ਭਾਗੀਵਾਂਦਰ, ਦਰਸ਼ਨ ਸਿੰਘ ਖਾਲਸਾ, ਮੰਦਰ ਸਿੰਘ ਤੋਂ ਇਲਾਵਾ ਪਿੰਡ ਦੇ ਕਿਸਾਨ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੰਦਗੀ ਦੇ ਢੇਰ, ਪ੍ਰਦੂਸ਼ਣ ਅਤੇ ਬਦਬੂਦਾਰ ਗਲੀਆਂ 'ਚ ਲੋਕ ਨਰਕ ਦੀ ਜ਼ਿੰਦਗੀ ਹੰਢਾ ਰਹੇ ਹਨ

# ਪਿੰਡ ਪਤਾਲ ਪੁਰੀ ਦੀ ਗੰਦਗੀ ਮਜੀਠਾ 'ਚ ਵਿਕਾਸ ਦੀ ਪੋਲ ਖੋਲ੍ਹਣ ਲਈ ਕਾਫ਼ੀ - ਤਰਨਜੀਤ ਸਿੰਘ ਸੰਧੂ ਸਮੁੰਦਰੀ



**ਕੱਥੂਨੰਗਲ/ਮਜੀਠਾ/ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ)**-ਮਜੀਠਾ ਹਲਕੇ ਵਿੱਚ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ। ਪਰ ਇਸ ਦੀ ਅਸਲੀਅਤ ਕੁਝ ਹੋਰ ਹੈ। ਅੱਜ ਮਜੀਠਾ ਹਲਕੇ ਅਧੀਨ ਪੈਂਦੇ ਪਿੰਡ ਪਤਾਲਪੁਰੀ ਵਿਖੇ ਪੁੱਜੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਇੱਥੋਂ ਚੁਣੇ ਹੋਏ ਲੋਕ ਨੁਮਾਇੰਦਿਆਂ ਵੱਲੋਂ ਕੀਤੇ ਵਿਕਾਸ ਦੇ ਦਾਅਵਿਆਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਅੱਜ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਪ੍ਰਵਾਸੀ ਭਾਈਚਾਰੇ ਦੇ ਪਿੰਡ ਪਤਾਲ ਪੁਰੀ ਦਾ ਦੌਰਾ ਕੀਤਾ, ਜਿੱਥੇ ਪਿੰਡ ਦਾ ਵੱਡਾ ਹਿੱਸਾ ਨਾ ਸਿਰਫ਼ ਗੰਦਗੀ ਦੇ ਢੇਰਾਂ 'ਤੇ ਹੈ, ਸਗੋਂ ਇਸ ਦੀਆਂ ਗਲੀਆਂ-ਨਾਲੀਆਂ ਵੀ ਪੱਕੀਆਂ ਨਹੀਂ ਹਨ। ਇਸ ਤੋਂ ਇਲਾਵਾ ਪਿੰਡ ਦੀਆਂ ਗਲੀਆਂ ਵਿੱਚ ਬਦਬੂ ਮਾਰਦੇ ਗੰਦੇ ਪਾਣੀ ਨਾਲ ਭਰਿਆ ਪਿਆ ਹੈ। ਪਿੰਡ ਵਾਸੀਆਂ, ਔਰਤਾਂ ਅਤੇ ਬੱਚਿਆਂ ਨੂੰ ਸੜਕ ਤੋਂ ਆਉਣ-ਜਾਣ ਵਿੱਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

**ਮੈਂ ਪਾਤਾਲ ਪੁਰੀ ਅਤੇ ਹੋਰ ਪ੍ਰਵਾਸੀ ਭਾਈਚਾਰਿਆਂ ਦੇ ਪਿੰਡਾਂ ਨੂੰ ਪਹਿਲ ਦੇ ਆਧਾਰ 'ਤੇ ਸ਼ਹਿਰਾਂ ਦੀ ਤਰਜ਼ 'ਤੇ ਵਿਕਸਤ ਕਰਾਂਗਾ**

ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਵਿਧਾਨ ਸਭਾ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਦੀ ਹਾਜ਼ਰੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਨੂੰ ਇਹ ਦੇਖ ਕੇ ਬਹੁਤ ਹੈਰਾਨੀ ਹੋਈ ਕਿ ਲੋਕ ਵਿਕਾਸ ਦੀਆਂ ਗੱਲਾਂ ਤਾਂ ਬਹੁਤ ਕਰਦੇ ਹਨ ਪਰ ਅਸਲੀਅਤ ਕੁਝ ਹੋਰ ਹੀ ਹੈ। ਪਿੰਡਾਂ ਵਿੱਚ ਸਫ਼ਾਈ ਦਾ ਕੋਈ ਪ੍ਰਬੰਧ ਨਹੀਂ ਹੈ। ਪਤਾਲਪੁਰੀ ਪਿੰਡ ਨੂੰ ਹੀ ਲੈ ਲਓ, ਇਥੇ ਗੰਦਗੀ ਦੇ ਢੇਰ ਲੱਗੇ ਹੋਏ ਹਨ। ਸਾਰਾ ਪਿੰਡ ਗੰਦਗੀ ਨਾਲ ਭਰਿਆ ਪਿਆ ਹੈ। ਪਿਛਲੇ ਛੇ ਸਾਲਾਂ ਤੋਂ ਇੱਥੇ ਸਫ਼ਾਈ ਦਾ ਕੋਈ ਪ੍ਰਬੰਧ ਨਾ ਹੋਣ ਕਾਰਨ ਇੱਥੋਂ ਦੇ ਲੋਕ ਨਰਕ ਵਰਗੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ। ਸੰਸਦ ਮੈਂਬਰ ਔਜਲਾ ਇੱਥੇ ਕਦੀ ਨਹੀਂ ਆਏ ਹਨ। ਇਹਨਾਂ ਲੋਕਾਂ ਦਾ ਕਦੇ ਖਿਆਲ ਨਹੀਂ ਰੱਖਿਆ ਗਿਆ।

ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਲੋਕ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰਦੇ ਹਨ ਪਰ ਜ਼ਮੀਨੀ ਪੱਧਰ 'ਤੇ ਇਨ੍ਹਾਂ ਦੀ ਅਸਲੀਅਤ ਪਿੰਡ ਪਤਾਲਪੁਰੀ 'ਚ ਆ ਕੇ ਵੇਖੀ ਜਾ ਸਕਦੀ ਹੈ। ਵਿਕਾਸ ਦੇ ਦਾਅਵੇ ਕਰਨ ਵਾਲਿਆਂ ਨੂੰ ਸ਼ਰਮ ਆਉਣੀ ਚਾਹੀਦੀ ਹੈ। ਮੈਨੂੰ ਦੱਸੋ, ਕੀ ਇਹ ਵਿਕਾਸ ਹੈ? ਵਿਕਾਸ ਕਿੱਥੇ ਹੋਇਆ? ਕੀ ਤੁਹਾਡੀ ਜੇਬ ਵਿੱਚ ਵਾਧੇ ਨੂੰ ਵਿਕਾਸ ਮੰਨਿਆ ਜਾਣਾ ਚਾਹੀਦਾ ਹੈ? ਉਨ੍ਹਾਂ ਕਿਹਾ ਕਿ ਇੱਥੇ ਰਹਿਣ ਵਾਲੇ ਲੋਕਾਂ ਅਤੇ ਪਰਿਵਾਰਾਂ ਦਾ ਕੀ ਕਸੂਰ ਹੈ। ਕੀ ਇਹ ਸਾਡੇ ਲੋਕ ਨਹੀਂ ਹਨ? ਲੋਕਾਂ ਨੂੰ ਧਮਕੀਆਂ ਦੇ ਕੇ ਰਾਜਨੀਤੀ ਨਹੀਂ ਕੀਤੀ ਜਾ ਸਕਦੀ। ਤੁਸੀਂ ਹਕੀਕਤ ਵਿੱਚ ਵਿਕਾਸ ਕੀਤੇ ਬਿਨਾਂ ਲੋਕਾਂ ਵਿੱਚ ਨਹੀਂ ਰਹਿ ਸਕਦੇ। ਸੰਧੂ ਸਮੁੰਦਰੀ ਨੇ ਕਿਹਾ ਕਿ ਚੋਣਾਂ ਜਿੱਤਣ ਤੋਂ ਬਾਅਦ ਪਿੰਡਾਂ ਦਾ ਸ਼ਹਿਰਾਂ ਦੀ ਤਰਜ਼ 'ਤੇ ਵਿਕਾਸ ਕੀਤਾ ਜਾਵੇਗਾ। ਮੈਂ ਪਾਤਾਲ ਪੁਰੀ ਅਤੇ ਹੋਰ ਪ੍ਰਵਾਸੀ ਭਾਈਚਾਰਿਆਂ ਦੇ ਪਿੰਡਾਂ ਦਾ ਸ਼ਹਿਰਾਂ ਦੀ ਤਰਜ਼ 'ਤੇ ਪਹਿਲ ਦੇ ਆਧਾਰ 'ਤੇ ਵਿਕਾਸ ਕਰਾਂਗਾ। ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਪਿੰਡ ਦੀ ਹਾਲਤ ਬਹੁਤ ਮਾੜੀ ਹੈ, ਗਲੀਆਂ-ਨਾਲੀਆਂ ਪੱਕੀਆਂ ਨਹੀਂ ਹਨ। ਸਾਡਾ ਹਾਲ ਕਿਸੇ ਨੇ ਨਹੀਂ ਪੁੱਛਿਆ। ਇੱਥੇ ਕੋਈ ਲੀਡਰ ਨਹੀਂ ਆਉਂਦਾ। ਬਹੁਤ ਸਾਰੇ ਲੋਕ ਵੋਟਾਂ ਮੰਗਣ ਆ ਰਹੇ ਹਨ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਭਾਜਪਾ ਉਮੀਦਵਾਰ ਨੇ ਸਾਨੂੰ ਭਰੋਸਾ ਦਿੱਤਾ ਹੈ ਕਿ ਪਿੰਡਾਂ ਨੂੰ ਸਾਰੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇੱਥੋਂ ਦੇ ਕਾਂਗਰਸੀ ਸਰਪੰਚ ਕਹਿੰਦੇ ਹਨ ਕਿ ਮੈਂ ਕੁਝ ਨਹੀਂ ਕਰਾਂਗਾ। ਪਿੰਡ ਵਿੱਚ ਕੋਈ ਡਿਪੂ ਨਹੀਂ ਹੈ। ਕਣਕ ਨਹੀਂ ਮਿਲਦੀ। ਕੋਈ ਸਕੂਲ ਨਹੀਂ ਹੈ। ਸਾਨੂੰ ਰਾਸ਼ਨ ਨਹੀਂ ਮਿਲਦਾ। ਪ੍ਰਦੂਸ਼ਣ ਕਾਰਨ ਅਸੀਂ ਪਿਛਲੇ ਛੇ ਸਾਲਾਂ ਤੋਂ ਨਰਕ ਭਰੀ ਜ਼ਿੰਦਗੀ ਜੀਅ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਯਕੀਨ ਹੈ ਕਿ ਭਾਜਪਾ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਇਸ ਪਿੰਡ ਨੂੰ ਨਵਾਂ ਜੀਵਨ ਦੇਣਗੇ। ਅਸੀਂ ਉਸ ਨੂੰ ਭਾਰੀ ਬਹੁਮਤ ਨਾਲ ਜਿਤਾਵਾਂਗੇ ਅਤੇ ਸੰਸਦ ਵਿਚ ਭੇਜਾਂਗੇ।

### ਸਰਕਾਰੀ ਹਾਈ ਸਕੂਲ ਲਾਲੇਆਣਾ ਵੱਲੋਂ

# ਵਿਦਿਆਰਥੀਆਂ ਨੂੰ ਤਕਸੀਮ ਕੀਤੇ ਇਨਾਮ



**ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਸਖਤ ਮਿਹਨਤ ਕਰਕੇ ਸਕੂਲ ਪੱਧਰ ਸੈਕਸ਼ਨ ਏ ਵਿੱਚੋਂ ਕਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਲਵਜੋਤ ਕੌਰ, ਐਸਵੀਰ ਕੌਰ ਅਤੇ ਜਸਮੀਤ ਕੌਰ ਨੇ ਹਾਸਲ ਕੀਤਾ। ਸੈਕਸ਼ਨ ਬੀ ਵਿੱਚੋਂ ਅਮਨਨੂਰ ਕੌਰ ਨੇ ਪਹਿਲਾ, ਰਮਨਦੀਪ ਕੌਰ ਨੇ ਦੂਜਾ ਅਤੇ ਗਗਨਦੀਪ ਕੌਰ ਨੇ ਤੀਸਰਾ ਸਥਾਨ ਹਾਸਿਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਸਕੂਲ ਮੁਖੀ ਸ੍ਰੀ ਜਗਤਾਰ ਸਿੰਘ ਨੇ ਦੱਸਿਆ ਕਿ ਇਹ ਨਤੀਜੇ ਸਕੂਲ ਦੇ ਸਾਰੇ ਅਧਿਆਪਕਾਂ ਦੀ ਅਣਥੱਕ ਮਿਹਨਤ, ਬੱਚਿਆਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਨਾਲ ਪ੍ਰਾਪਤ ਹੋਏ ਹਨ। ਸਕੂਲ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ ਅਤੇ 25 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵਧੇਰੇ ਅੰਕ ਪ੍ਰਾਪਤ ਕੀਤੇ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ੍ਰੀ ਤਰਸੇਮ ਸਿੰਘ ਨੇ ਕਿਹਾ ਕਿ ਸਕੂਲ ਦਾ ਸਟਾਫ ਬਹੁਤ ਮਿਹਨਤੀ ਅਤੇ ਅਗਾਂਹਵਧੂ ਹੈ। ਸ੍ਰੀ ਜਗਤਾਰ ਸਿੰਘ ਵੱਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਅਤੇ ਪੂਰਨ ਸਹਿਯੋਗ ਦੇਣ ਦੀ ਆਸ ਕੀਤੀ ਗਈ। ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸ੍ਰ. ਸ਼ਮਸ਼ੇਰ ਸਿੰਘ ਖਾਲਸਾ ਦੁਆਰਾ ਸਮਾਜ ਵਿੱਚ ਦਿਨੋ-ਦਿਨ ਮਨੁੱਖੀ ਕਦਰਾਂ ਕੀਮਤਾਂ ਵਿੱਚ ਆ ਰਹੇ ਨਿਘਾਰ ਅਤੇ ਬੱਚਿਆਂ ਵਿੱਚ ਮੋਬਾਇਲ ਦੀ ਦੁਰਵਰਤੋਂ ਦੇ ਵਧ ਰਹੇ ਰੁਝਾਨ ਪ੍ਰਤੀ ਚਿੰਤਾ ਜਾਹਿਰ ਕਰਦੇ ਹੋਏ, ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨਾਲ ਜੁੜੀਆਂ ਬਹੁ- ਕੀਮਤੀ ਗੱਲਾਂ ਸਾਂਝੀਆਂ ਕੀਤੀਆਂ। ਸਟੇਜ ਸੰਚਾਲਨ ਸ੍ਰ. ਹਰਮੰਦਰ ਸਿੰਘ ਪੀਟੀਆਈ ਦੁਆਰਾ ਬਾਖੂਬੀ ਕੀਤਾ ਗਿਆ।

# ਪਿੰਡ ਜਲਾਲ ਉਸਮਾਂ ਵਿਖੇ ਇੱਕ ਸੋ ਟਰਾਲੀਆ ਤੋਂ ਵਧੇਰੇ ਤੂੜੀ ਸਮੇਤ ਸੈਡ ਸੜਿਆ ਲੱਖਾ ਦਾ ਦਾ ਨੁਕਸਾਨ





**ਚੌਕ ਮਹਿਤਾ, 17ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਥੋਂ ਨਜਦੀਕੀ ਪਿੰਡ ਜਲਾਲ ਉਸਮਾਂ ਦੇ ਸਕੱਤਰ ਸਿੰਘ ਪੁੱਤਰ ਬਲਦੇਵ ਸਿੰਘ ਅਤੇ ਗੁਰਿੰਦਰ ਸਿੰਘ ਪਟਵਾਰੀ ਪੁੱਤਰ ਜਸਵੰਤ ਸਿੰਘ ਨਵਾਂ ਤਨੇਲ ਹਾਲ ਵਾਸੀ ਜਲਾਲ ਦੋਵਾਂ ਨੇ ਜਾਣਕਾਰੀ ਦੇਂਦੇ ਹੋਏ ਦੱਸਿਆ ਕਿ ਅੱਜ ਦੁਪਿਹਰ ਵੇਲੇ ਨੇੜਲੇ ਖੇਤਾਂ ਵਾਲਆਿਂ ਵੱਲੋਂ ਕਣਕ ਦੇ ਨਾੜ ਨੂੰ ਅੱਗ ਲਗਾਈ ਸੀ ਕਿ ਜਿਸਦੇ ਸਿਟੇ ਵਜ਼ੋ ਉਹਨਾਂ ਦੇ ਮੁਰਗੀਆ ਵਾਲੇ ਖਾਲੀ ਪਏ ਸੈਡ ਵਿੱਚ 100 ਟਰਾਲੀਆ ਤੋਂ ਵਧੇਰੇ ਸਟੋਰ ਕੀਤੀ ਤੂੜੀ ਸੜਕੇ ਸਵਾਹ ਹੋ ਗਈ ਹੈ ਅੱਗ ਕਾਰਨ ਜਿੱਥੇ ਤੂੜੀ ਸੜੀ ਹੈ ਉਥੇ ਨਾਲ ਹੀ ਸੈਡ ਵੀ ਪੂਰੀ ਤਰ੍ਹਾਂ ਸੜ ਗਿਆ ਹੈ ਜਿਸ ਵਿੱਚ ਲਗਾਏ ਪਲਾਸਟਿਕ ਦੇ ਪਾਇਪ ਟੂਟੀਆ ਆਦਿ ਵੀ ਸੜ ਗਏ ਹਨ। ਉਕਤ ਪੀੜਤ ਪਰਿਵਾਰਾ ਨੇ ਦੱਸਿਆ ਕੇ ਜਿਸ ਕਿਸਾਨ ਵੱਲੋਂ ਨਾੜ ਨੂੰ ਅੱਗ ਲਗਾਈ ਸੀ ਉਹ ਕੋਈ ਵਿਸ਼ੇਸ ਉਪਰਾਲਾ ਕਰਨ ਦੀ ਬਜਾਏ ਸਾਡੇ ਘਰ ਦੱਸ ਗਿਆ ਕੇ ਤੁਹਾਡੇ ਸੈਡ ਤੂੜੀ ਨੂੰ ਅੱਗ ਲੱਗ ਗਈ ਹੈ ਬੁਝਾ ਲਉ। ਜਿਥੇ ਉਹਨ੍ਹਾਂ ਵੱਲੋਂ ਤੁਰੰਤ ਥਾਣਾ ਮਹਿਤਾ ਵਿੱ ਸੂਚਨਾ ਦਿੱਤੀ ਗਈ ਅਤੇ ਫਾਇਰ ਬ੍ਰਿਗੇਡ ਨੂੰ ਵੀ ਬੁਲਾਇਆ ਗਿਆ ਇੱਕ ਵਾਰ ਤਾਂ ਅੱਗ ਤੇ ਕਾਬੂ ਪੈ ਗਿਆ ਪਰ ਅੱਗ ਦੇਰ ਸਾਮ ਤੱਕ ਵੀ ਸੁਲਗਦੀ ਤੇ ਬਲਦੀ ਰਹੀ। ਪੀੜਤ ਪਰਿਵਾਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਾਡਾ ਪੰਜ ਲੱਖ ਤੋਂ ਵੱਧ ਦਾ ਦਾ ਨੁਕਸਾਨ ਹੋ ਗਿਆ ਹੈ ਸਾਡੇ ਨੁਕਸਾਨ ਦੀ ਭਰਪਾਈ ਕਰਵਾਈ ਜਾਵੇ। ਥਾਣਾ ਮਹਿਤਾ ਦੇ ਮੁਖੀ ਗਗਨਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨ੍ਹਾਂ ਕਿਹਾ ਕਿ ਜੋ ਜਲਾਲ ਵਿਖੇ ਅੱਗ ਲੱਗਣ ਦੀ ਘਟਨਾਂ ਵਾਪਰੀ ਤਪਤੀਸ ਕੀਤੀ ਜਾ ਰਹੀ ਹੈ ਦੋਸੀ ਪਰਿਵਾਰ ਵਿਰੁੱਧ ਕਾਰਵਾਈ ਕੀਤੀ ਜਾਵੇਗੀ ਤੇ ਪੀੜਤ ਪਰਿਵਾਰ ਨੂੰ ਇਨਸਾਫ ਦਿਵਾਇਆ ਜਾਵੇਗਾ।

# ਪਬਲਿਕ ਥਾਂ 'ਤੇ ਕੋਈ ਵੀ ਹਥਿਆਰ ਲੈ ਕੇ ਚੱਲਣ ਦੀ ਮਨਾਹੀ ਜ਼ਿਲ੍ਹਾ ਮੈਜਿਸਟਰੇਟ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਮਈ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਗੁਰਦਾਸਪੁਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿਚ ਕੋਈ ਵੀ ਵਿਅਕਤੀ ਜਾਂ ਸਮੂਹ ਵਿਅਕਤੀ ਕਿਸੇ ਪਬਲਿਕ ਥਾਂ 'ਤੇ ਕੋਈ ਵੀ ਹਥਿਆਰ ਜਿਨ੍ਹਾਂ ਵਿੱਚ ਲਾਇਸੈਂਸੀ ਹਥਿਆਰ/ਗੋਲੀ ਸਿੱਕਾ, ਗੰਡਾਸਾ, ਚਾਕੂ, ਟਕੂਏ, ਬਰਸੇ, ਲੋਹੇ ਦੀਆਂ ਸਲਾਖ਼ਾਂ, ਲਾਠੀਆਂ, ਛਵ੍ਹੀਆਂ ਅਤੇ ਧਮਾਕਾਖ਼ੇਜ਼ ਪਦਾਰਥ ਜੋ ਕੋਈ ਵੀ ਐਸੀ ਚੀਜ਼ ਜੋ ਜੁਰਮ ਕਰਨ ਲਈ ਹਥਿਆਰ ਵਜੋਂ ਵਰਤੀ ਜਾ ਸਕਦੀ ਹੋਵੇ, ਨੂੰ ਲੈ ਕੇ ਨਹੀਂ ਚੱਲੇਗਾ। ਮਨਾਹੀ ਦੇ ਇਹ ਹੁਕਮ ਮਿਲਟਰੀ, ਬੀ.ਐੱਸ.ਐੱਫ. ਅਤੇ ਹੋਮ ਗਾਰਡ ਦੇ ਜਵਾਨਾਂ ਤੇ ਵਰਦੀਆਂ ਵਿੱਚ ਡਿਊਟੀ ਸਮੇਂ ਦੌਰਾਨ ਲਾਗੂ ਨਹੀਂ ਹੋਵੇਗਾ। ਇਹ ਹੁਕਮ ਕਾਰਜਕਾਰੀ ਮੈਜਿਸਟਰੇਟਾਂ ਅਤੇ ਵਿਲੇਜ਼ ਡਿਫੈਂਸ ਕਮੇਟੀਆਂ ਦੇ ਮੈਂਬਰਾਂ 'ਤੇ ਵੀ ਲਾਗੂ ਨਹੀਂ ਹੋਵੇਗਾ ਅਤੇ ਨਾ ਹੀ ਉਨ੍ਹਾਂ ਸੁਰੱਖਿਆ ਗਾਰਡਾਂ 'ਤੇ ਲਾਗੂ ਮੰਨਿਆ ਜਾਵੇਗਾ ਜੋ ਸੁਰੱਖਿਆ ਲਈ ਵਿਸ਼ੇਸ਼ ਵਿਅਕਤੀਆਂ ਨੂੰ ਸਰਕਾਰ ਵੱਲੋਂ ਮਿਲੇ ਹਨ। ਇਹ ਹੁਕਮ ਉਨ੍ਹਾਂ ਅਸਲਧਾਰੀ ਵਿਅਕਤੀਆਂ 'ਤੇ ਵੀ ਲਾਗੂ ਨਹੀਂ ਮੰਨਿਆ ਜਾਵੇਗਾ ਜਿਨ੍ਹਾਂ ਪਾਸ ਜ਼ਿਲ੍ਹਾ ਮੈਜਿਸਟਰੇਟ, ਵਧੀਕ ਜ਼ਿਲ੍ਹਾ ਮੈਜਿਸਟਰੇਟ, ਮੁਤੱਲਕਾ ਉਪ ਮੰਡਲ ਮੈਜਿਸਟਰੇਟ ਵੱਲੋਂ ਜਾਰੀ ਹੋਈ ਮਨਜ਼ੂਰੀ ਪ੍ਰਾਪਤ ਕੀਤੀ ਹੋਵੇਗੀ। ਪਾਬੰਦੀ ਦੇ ਇਹ ਹੁਕਮ 1 ਮਈ 2024 ਤੋਂ 29 ਜੂਨ 2024 ਤੱਕ ਲਾਗੂ ਰਹਿਣਗੇ।

**ਬੋਲਟ ਮੋਟਰਸਾਈਕਲਾਂ ਦੇ ਪਟਾਕੇ ਮਰਵਾਉਣ ਅਤੇ ਸ਼ੋਰ ਪ੍ਰਦੂਸ਼ਣ ਪੈਦਾ ਕਰਨ ਵਾਲੇ ਯੰਤਰ ਚਲਾਉਣ 'ਤੇ ਪਾਬੰਦੀ ਲਗਾਈ :** ਜ਼ਿਲ੍ਹਾ ਗੁਰਦਾਸਪੁਰ ਦੀਆਂ ਸੀਮਾਵਾਂ ਅੰਦਰ ਉੱਚੀ ਅਵਾਜ਼ ਵਿੱਚ ਚਲਾਏ ਜਾਂਦੇ ਮਿਊਜ਼ਿਕ, ਧਮਾਕਾ ਕਰਨ ਵਾਲੇ ਪਦਾਰਥਾਂ, ਗੱਡੀਆਂ ਦੇ ਪ੍ਰੈਸ਼ਰ ਹਾਰਨਾਂ ਅਤੇ ਸ਼ੋਰ ਪ੍ਰਦੂਸ਼ਣ ਪੈਦਾ ਕਰਨ ਵਾਲੇ ਯੰਤਰ ਚਲਾਉਣ 'ਤੇ ਪਾਬੰਦੀ ਲਗਾਈ ਹੈ। ਪਾਬੰਦੀ ਦੇ ਇਹ ਹੁਕਮ 1 ਮਈ 2024 ਤੋਂ 29 ਜੂਨ 2024 ਤੱਕ ਲਾਗੂ ਰਹਿਣਗੇ।

**ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਧਾਰਾ 144 ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਵਿੱਚ ਪਸ਼ੂਆਂ ਨੂੰ ਸੜਕਾਂ ਜਾਂ ਜਨਤਕ ਥਾਵਾਂ 'ਤੇ ਚਰਾਉਣ 'ਤੇ ਪਾਬੰਦੀ ਲਗਾਈ :** ਸ੍ਰੀ ਸੁਭਾਸ਼ ਚੰਦਰ, ਪੀ.ਸੀ.ਐੱਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਜ਼ਾਬਤਾ ਫ਼ੌਜਦਾਰੀ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਆਮ ਜਨਤਾ ਨੂੰ ਇਹ ਹੁਕਮ ਕੀਤਾ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਦੇ ਅੰਦਰ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ 'ਤੇ ਜਾਂ ਜਨਤਕ ਥਾਵਾਂ 'ਤੇ ਚਰਾਉਣ ਲਈ ਲੈ ਕੇ ਨਹੀਂ ਜਾਣਗੇ ਅਤੇ ਨਾ ਹੀ ਅਵਾਰਾ ਛੱਡਣਗੇ। ਮਨਾਹੀ ਦੇ ਇਹ ਹੁਕਮ ਕਰਦਿਆਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਲੋਕ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ ਦੇ ਉੱਤੇ ਅਤੇ ਜਨਤਕ ਥਾਵਾਂ 'ਤੇ ਚਰਾਉਂਦੇ ਹਨ, ਜਿਸ ਕਾਰਨ ਸੜਕਾਂ 'ਤੇ ਦੁਰਘਟਨਾਵਾਂ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ ਅਤੇ ਆਮ ਆਵਾਜਾਈ ਵਿੱਚ ਵਿਘਨ ਪੈਂਦਾ ਹੈ। ਇਸ ਤੋਂ ਇਲਾਵਾ ਜਦੋਂ ਵੀ ਪਸ਼ੂਆਂ ਨੂੰ ਸੜਕਾਂ 'ਤੇ ਖੁੱਲ੍ਹਾ ਛੱਡਿਆ ਜਾਂਦਾ ਹੈ ਤਾਂ ਇਹ ਪਸ਼ੂ ਅਕਸਰ ਬੇਕਾਬੂ ਹੋ ਜਾਂਦੇ ਹਨ ਅਤੇ ਰਾਹ ਜਾਂਦੇ ਵਿਅਕਤੀਆਂ ਦਾ ਨੁਕਸਾਨ ਕਰਦੇ ਹਨ। ਇਸ ਤੋਂ ਇਲਾਵਾ ਪਸ਼ੂ ਫ਼ਸਲਾਂ ਦਾ ਵੀ ਉਜਾੜਾ ਕਰਦੇ ਹਨ। ਉਪਰੋਕਤ ਹਾਲਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਜ਼ਾਬਤਾ ਫ਼ੌਜਦਾਰੀ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਆਮ ਜਨਤਾ ਨੂੰ ਇਹ ਹੁਕਮ ਕੀਤਾ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਦੇ ਅੰਦਰ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ 'ਤੇ ਜਾਂ ਜਨਤਕ ਥਾਵਾਂ 'ਤੇ ਚਰਾਉਣ ਲਈ ਲੈ ਕੇ ਨਹੀਂ ਜਾਣਗੇ ਅਤੇ ਨਾ ਹੀ ਪਸ਼ੂਆਂ ਨੂੰ ਅਵਾਰਾ ਛੱਡਣਗੇ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਇਹ ਹੁਕਮ ਇੱਕ ਤਰਫ਼ਾ ਪਾਸ ਕੀਤੇ ਹਨ। ਪਾਬੰਦੀ ਦੇ ਇਹ ਹੁਕਮ 1 ਮਈ 2024 ਤੋਂ 29 ਜੂਨ 2024 ਤੱਕ ਲਾਗੂ ਰਹਿਣਗੇ।

### ਪ੍ਰਦੀਪ ਭੁੱਲਰ ਵੱਲੋਂ ਮਜੀਠਾ 'ਚ ਆਯੋਜਿਤ ਚੋਣ ਰੈਲੀ ਨੂੰ ਸੰਧੂ ਸਮੁੰਦਰੀ ਨੇ ਕੀਤਾ ਸੰਬੋਧਨ

# ਮਜੀਠਾ 'ਚ ਨਸ਼ਿਆਂ ਨੂੰ ਸਖ਼ਤੀ ਨਾਲ ਨੱਥ ਪਾਈ ਜਾਵੇਗੀ - ਤਰਨਜੀਤ ਸਿੰਘ ਸੰਧੂ ਸਮੁੰਦਰੀ



**ਮਜੀਠਾ, 17 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਮਜੀਠਾ ਵਿਖੇ ਇੱਕ ਪ੍ਰਭਾਵਸ਼ਾਲੀ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ, ਅਕਾਲੀ ਅਤੇ ਆਮ ਆਦਮੀ ਪਾਰਟੀ ਆਪਸ ਵਿਚ ਮਿਲੇ ਹੋਏ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਇੰਡੀ ਅਲਾਇੰਸ ਦਾ ਸੈਲੈਂਟ ਭਾਵ ਖ਼ਾਮੋਸ਼ ਹਿੱਸੇਦਾਰ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਇਹ ਸ਼ਰਮ ਵਾਲੀ ਗੱਲ ਹੈ ਕਿ ਅੱਜ 2024 'ਚ ਮਜੀਠਾ ਨੂੰ ਉਹ ਹੀ ਪਰੇਸ਼ਾਨੀਆਂ ਹਨ ਜੋ 10 ਸਾਲ ਪਹਿਲਾਂ ਹੀ ਦੂਰ ਹੋ ਜਾਣੀਆਂ ਚਾਹੀਦੀਆਂ ਸਨ। ਉਹਨਾਂ ਨਸ਼ਿਆਂ ਦੀ ਸਮੱਸਿਆ ਉੱਤੇ ਚਿੰਤਾ ਵਿਅਕਤ ਕਰਦਿਆਂ ਕਿਹਾ ਕਿ ਕੌਣ ਨਸ਼ਾ ਕਰਾਉਂਦਾ ਹੈ, ਕੌਣ ਵਿਕਾਉਂਦਾ ਹੈ? ਕੌਣ ਸਾਡੇ ਬਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਿਹਾ ਹੈ, ਇਹ ਤੁਸੀਂ ਸਭ ਜਾਣਦੇ ਹੋ। ਉਨ੍ਹਾਂ ਨਸ਼ਿਆਂ ਦੇ ਧੰਦੇ ਨਾਲ ਜੁੜੇ ਅਨਸਰਾਂ ਨੂੰ ਸਵਾਲ ਕੀਤਾ ਕਿ ਕੀ ਤੁਹਾਨੂੰ ਨਹੀਂ ਪਤਾ ਕਿ ਪੈਸਾ ਤੇ ਜੇਬਾਂ ਭਰਨ ਲਈ ਤੁਸੀਂ ਸਾਰੀਆਂ ਨਸਲਾਂ ਨੂੰ ਮਰਵਾਉਣ ਜਾ ਰਹੇ ਹੋ? ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੇਂਦਰ 'ਚ ਮੁੜ ਸਰਕਾਰ ਆ ਰਹੀ ਹੈ ਜਿਹੜੇ ਨਸ਼ੇ ਦੇ ਵਪਾਰੀ ਹਨ ਜਾਂ ਉਨ੍ਹਾਂ ਦੇ ਸਾਥੀ ਹਨ, ਸਭ ਤੋਂ ਪਹਿਲਾਂ ਏਜੰਸੀਆਂ ਐਨਆਈਏ ਅਤੇ ਨਾਰਕੋਟਿਕ ਬਿਊਰੋ ਤੋਂ ਇਨਕੁਆਇਰੀ ਕਰਾਈ ਜਾਵੇਗੀ ਅਤੇ ਕਾਨੂੰਨ ਅਨੁਸਾਰ ਜੋ ਕੋਈ ਵੀ ਸ਼ਾਮਿਲ ਪਾਇਆ ਜਾਵੇਗਾ ਉਹਨਾਂ ਉੱਤੇ ਸਖ਼ਤ ਕਾਰਵਾਈ ਹੋਵੇਗਾ। ਉਹਨਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾਵੇਗਾ ਅਤੇ ਪੁੱਠਾ ਵੀ ਟੰਗਾਂਗਾ। ਸਾਡੇ ਬੱਚੇ ਹੋ ਸਕਦਾ ਕਿ ਗ.ਲਤੀ ਨਾਲ ਇਸ ਪਾਸੇ ਚਲੇ ਗਏ ਹੋਣ ਜਾਂ ਫਸ ਗਏ ਹੋਣ, ਪਰ ਉਹਨਾਂ ਦਾ ਇਲਾਜ ਕਰਾਉਣਾ ਜ਼ਰੂਰੀ ਹੈ। ਮੈਂ ਉਹਨਾਂ ਦੇ ਇਲਾਜ ਲਈ ਯੂਐਸਏ ਤੋਂ ਅਸਰਦਾਇਕ ਦਵਾਈਆਂ ਮੰਗਾਵਾਂਗਾ ਅਤੇ ਨਸ਼ੇ ਦੇ ਸ਼ਿਕਾਰ ਬੱਚਿਆਂ ਨੂੰ ਫ਼ਰੀ ਵੰਡਾਂਗਾ। ਉਹਨਾਂ ਕਿਹਾ ਕਿ ਸਾਡੇ ਬੱਚਿਆਂ ਵਿੱਚ ਹੁਨਰ ਦੀ ਕਮੀ ਨਹੀਂ ਮੌਕਾ ਮਿਲਣਾ ਚਾਹੀਦਾ ਹੈ। ਅਮਰੀਕਾ ਵਿੱਚ ਰਹਿ ਰਹੇ ਸਾਡੇ ਭਾਈਚਾਰੇ ਦੇ ਲੋਕਾਂ ਜਿਨ੍ਹਾਂ ਵਿੱਚ ਬਹੁਤਿਆਂ ਦਾ ਸਬੰਧ ਅੰਮ੍ਰਿਤਸਰ ਨਾਲ ਹੈ, ਅੰਮ੍ਰਿਤਸਰ ਵਿੱਚ ਰੋਜ਼ਗਾਰ ਅਤੇ ਬਿਜ਼ਨਸ ਸ਼ੁਰੂ ਕਰਨ ਵਾਸਤੇ ਨੌਜਵਾਨਾਂ ਦੀ ਮਦਦ ਕਰਨ ਲਈ ਵਿਕਸਿਤ ਅੰਮ੍ਰਿਤਸਰ ਇਨੀਸ਼ੇਟਿਵ ਦੇ ਅਧੀਨ 850 ਕਰੋੜ ਰੁਪਏ ਇਕੱਠੇ ਕੀਤੇ ਹਨ। ਸੰਧੂ ਸਮੁੰਦਰੀ ਨੇ ਕਿਹਾ ਕਿ ਜਿਹੜਾ ਪੈਸਾ ਆਉਣਾ ਚਾਹੀਦਾ ਜੋ ਨਹੀਂ ਆਇਆ, ਉਹ ਸਾਰਾ ਪੈਸਾ ਤੇ ਸਹੂਲਤਾਂ ਤੁਹਾਡੇ ਤੱਕ ਮੈਂ ਪਹੁੰਚਾਵਾਂਗਾ। ਅਗਰ ਕਿਸੇ ਨੇ ਕੋਈ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਸਬਕ ਵੀ ਸਿਖਾਇਆ ਜਾਏਗਾ। ਉਹਨਾਂ ਕਿਹਾ ਕਿ ਨੀਲੇ ਕਾਰਡ ਤੁਹਾਡਾ ਹੱਕ ਹੈ, ਮੈਂ ਇਹ ਹੱਕ ਤੁਹਾਡੇ ਤੱਕ ਪਹੁੰਚਾਵਾਂਗਾ। ਉਹਨਾਂ ਕਿਹਾ ਕਿ ਮਜੀਠਾ ਤੇ ਅੰਮ੍ਰਿਤਸਰ ਦੇ ਵਿਕਾਸ ਲਈ ਮੋਦੀ ਸਰਕਾਰ ਤੋਂ ਸਪੈਸ਼ਲ ਪੈਕੇਜ ਲਿਆਂਦਾ ਜਾਵੇਗਾ। ਇੱਥੋਂ ਦੇ ਹਸਪਤਾਲ ਨੂੰ ਟੌਪ ਦਾ ਹਸਪਤਾਲ ਬਣਾਇਆ ਜਾਵੇਗਾ ਅਤੇ ਇਥੇ ਸਿਹਤ ਕਰਮਚਾਰੀ ਅਤੇ ਮਾਹਿਰ ਡਾਕਟਰਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇਗੀ। ਉਹਨਾਂ ਕਿਹਾ ਕਿ ਹੁਣ ਮਾਝੇ ਨਾਲ ਕਿਸੇ ਤਰ੍ਹਾਂ ਦਾ ਵਿਤਕਰਾ ਨਹੀਂ ਹੋਣ ਦਿਆਂਗਾ। ਇੱਥੋਂ ਦੀਆਂ ਚੀਜ਼ਾਂ ਇਥੇ ਹੀ ਰਹਿਣਗੀਆਂ। ਜੋ ਕੱਚੇ ਮਕਾਨ ਹਨ ਉਹ ਪੱਕੇ ਕੀਤੇ ਜਾਣਗੇ। ਸੂਰਜੀ ਊਰਜਾ ਦੀ ਸਹੂਲਤ ਦਿੱਤਾ ਜਾਏਗੀ। ਮਜੀਠਾ ਚ ਕਾਲਜ ਖੋਲ੍ਹਾਂਗੇ ਤੇ ਬਚਿਆਂ ਨੂੰ ਸਕਿੱਲ ਅਤੇ ਚੰਗੀ ਸਿੱਖਿਆ ਦੇਵਾਂਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਆਪਣੇ ਆਪ ਨੂੰ ਵੱਡਾ ਲੀਡਰ ਅਖਵਾਉਣ ਵਾਲੇ ਜੋ ਅੰਦਰ ਰਹਿ ਕੇ ਆਇਆ ਹੈ, ਉਹਨਾਂ ਨੂੰ ਹੁਣ ਸਮਝ ਆ ਜਾਣੀ ਚਾਹੀਦੀ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਮਜੀਠਾ 'ਚ ਹੁਣ ਧੱਕੇਸ਼ਾਹੀਆਂ ਦਾ ਜ਼ਮਾਨਾ ਬੀਤ ਚੁੱਕਿਆ ਹੈ। ਹੁਣ ਗੁੰਡਿਆਂ ਤੋਂ ਡਰਨ ਦੀ ਲੋੜ ਨਹੀਂ ਮੈਂ ਤੁਹਾਡੇ ਨਾਲ ਖੜ੍ਹਾ ਹਾਂ। ਕਾਨੂੰਨ ਵਿਵਸਥਾ ਨੂੰ ਬਣਾ ਕੇ ਰੱਖਣਾ ਇਹ ਸਾਡੇ ਐਮਪੀ ਦੀ ਜ਼ਿੰਮੇਵਾਰੀ ਹੈ, ਪਰ ਉਹ ਖ਼ੁਦ ਐਸੀ ਭਾਈਚਾਰੇ ਖਿਲਾਫ ਟਿੱਪਣੀਆਂ ਕਰਨ ਵਿੱਚ ਮਸਰੂਫ਼ ਹਨ। ਉਹਨਾਂ ਕਿਹਾ ਕਿ ਪਹਿਲੀ ਜੂਨ ਨੂੰ ਆਪਣੇ ਬੱਚਿਆਂ ਦੇ ਭਵਿੱਖ ਅਤੇ ਅੰਮ੍ਰਿਤਸਰ ਦੇ ਭਵਿੱਖ ਲਈ ਤੁਸੀਂ ਵੋਟ ਕਰਨੀ ਹੈ। ਇਸ ਵਾਰ ਦੀ ਵੋਟ ਵਿਕਾਸ ਦੀ ਵੋਟ ਹੈ। ਨਰਿੰਦਰ ਮੋਦੀ ਸਾਹਿਬ ਨੂੰ ਪਾਉਣੀ ਹੈ।

ਇਸ ਮੌਕੇ ਬੋਲਦਿਆਂ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਨੇ ਕਿਹਾ ਕਿ ਮਜੀਠਾ ਵਿੱਚ ਨਸ਼ਿਆਂ ਦੀ ਮੁੱਖ ਸਮੱਸਿਆ ਹੈ ਬਹੁਤ ਸਾਰੇ ਲੋਕ ਨਸ਼ਿਆਂ ਨਾਲ ਪੀੜਤ ਹਨ। ਇਸ ਪਿੱਛੇ ਸੱਤਾਧਾਰੀ ਲੋਕਾਂ ਦੇ ਹੱਥ ਹੋਣ ਬਾਰੇ ਖ਼ੁਦ ਆਪ ਦੇ ਐਮਐਲਏ ਨੇ ਖ਼ੁਲਾਸਾ ਕੀਤਾ ਹੈ। ਉਹਨਾਂ ਮਜੀਠਾ ਵਿਖੇ ਨਸ਼ਾ ਛਡਾਓ ਕੇਂਦਰ ਖੋਲ੍ਹਣ ਦੀ ਵਕਾਲਤ ਕੀਤੀ। ਇਸ ਮੌਕੇ ਰਾਜਬੀਰ ਸ਼ਰਮਾ ਨੇ ਵੀ ਸੰਬੋਧਨ ਕਰਦਿਆਂ ਵਿਕਾਸ ਅਤੇ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਤਰਨਜੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕੀਤੀ। ਇਸ ਮੌਕੇ ਸੰਤੋਖ ਸਿੰਘ ਗੁੰਮਟਾਲਾ, ਕੁਲਵੰਤ ਸਿੰਘ ਵਿਸਥਾਰਕ, ਚੇਅਰਮੈਨ ਗੁਰਮੁਖ ਸਿੰਘ ਕਾਦਰਾਬਾਦ ਤੇ ਸੁਖਦੇਵ ਸਿੰਘ ਵੀ ਮੌਜੂਦ ਸਨ

### ਪੰਜਾਬ ਦੀ ਜਵਾਨੀ ਦਾ ਤਰਸ ਲੈ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਜਿਸ ਮਾਈਕ ਰਾਹੀਂ ਦੂਰ ਦੂਰ ਤੱਕ ਹੋਕਾ ਦਿੰਦੇ ਰਹੇ

# ਉਹੀ ਮਾਈਕ ਮਿਲਿਆ ਚੋਣ ਨਿਸ਼ਾਨ : ਬਾਬਾ ਬਿਬੇਕ ਸਿੰਘ




ਜੰਡਿਆਲਾ ਗੁਰੂ 17 ਮਈ (ਕੁਲਵੰਤ ਸਿੰਘ ਵਿਰਦੀ) ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਆਜ਼ਾਦ ਉਮੀਦਵਾਰ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦਾ ਚੋਣ ਨਿਸ਼ਾਨ ਮਾਈਕ ਮਿਲ ਗਿਆ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਅੱਗੇ ਕਿਹਾ ਕਿ ਹਲਕਾ ਖਡੂਰ ਸਾਹਿਬ ਜੀ ਦੀਆਂ ਸਮੂਹ ਸੰਗਤਾਂ ਨੋਟ ਕਰਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਚੋਣ ਨਿਸ਼ਾਨ ਨੂੰ ਘਰ ਘਰ ਤੱਕ ਹਲਕੇ ਦੇ ਵੋਟਰਾਂ ਤੱਕ ਦੱਸਣ ਦਾ ਯਤਨ ਕਰਨ ਅੱਗੇ ਉਨ੍ਹਾ ਕਿਹਾ ਕਿ ਇਹ ਵੀ ਆਕਾਲ ਪੁਰਖ ਦੀ ਕਿਰਪਾ ਨਾਲ ਚੋਣ ਨਿਸ਼ਾਨ ਮਾਈਕ ਮਿਲਿਆ ਹੈ ਕਿਉਂ ਕਿ ਇਸ ਮਾਈਕ ਰਾਹੀਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਪੰਜਾਬ ਦੀ ਗੱਲ ਅਤੇ ਪੰਜਾਬ ਦੀ ਨੌਜਵਾਨੀ ਦੇ ਦਰਦ ਦੀ ਗੱਲ ਵੱਡੀ ਤਦਾਦ ਵਿੱਚ ਸਜੇ ਪੰਡਾਲਾਂ ਵਿੱਚ ਬੈਠੀਆਂ ਸੰਗਤਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਸੀ। ਇਸ ਲਈ ਵੱਧ ਤੋਂ ਵੱਧ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਚੋਣ ਨਿਸ਼ਾਨ ਮਾਈਕ ਤੇ ਮੋਹਰਾਂ ਲਾ ਕੇ ਖਾਲਸਾ ਜੀ ਨੂੰ ਕਾਮਯਾਬ ਕਰੋ 9ਇਸ ਮੌਕੇ ਅੱਜ ਚੋਣਾਂ ਸਬੰਧੀ ਗਤੀਵਿਧੀਆਂ ਨੂੰ ਤੇਜ ਕਰਨ ਲਈ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ ਨੂੰ ਪ੍ਰਧਾਨ ਅਤੇ ਬਾਬਾ ਬਿਬੇਕ ਸਿੰਘ ਜੀ ਨੂੰ ਗੁਰੂ ਕਿ ਲੰਗਰਾਂ ਦੀ ਸੇਵਾ ਸੌਂਪੀ ਗਈ ਅਤੇ ਬਾਕੀ ਹਾਜ਼ਰ ਸਿੰਘਾਂ ਨੂੰ ਸੇਵਾਦਾਰ ਨਿਯੁਕਤ ਕੀਤਾ ਗਿਆ ਜਿਨ੍ਹਾਂ ਵਿੱਚ ਭਾਈ, ਸਰਪੰਚ ਬਲਬੀਰ ਸਿੰਘ ਗੁਨੋਵਾਲ, ਦਰਸ਼ਨ ਸਿੰਘ ਜਾਣੀਆਂ, ਮਨਜਿੰਦਰ ਸਿੰਘ ਮੱਲੀ ਸਰਕਲ ਪ੍ਰਧਾਨ ਮਾਨ ਪਾਰਟੀ, ਬਾਬਾ ਅਵਤਾਰ ਸਿੰਘ ਤਲਵਾਰ, ਭਾਈ ਅਵਤਾਰ ਸਿੰਘ ਛੀਨਾ, ਧਿਆਨ ਸਿੰਘ ਛੀਨਾ, ਮੰਗਲ ਸਿੰਘ ਸਮਰਾ ਪੱਖੋਕੇ, ਅਵਤਾਰ ਸਿੰਘ ਧੀਰੇਕੋਟ, ਸੋਨੂੰ ਭਲਵਾਨ ਧੀਰੇਕੋਟ, ਐਡਵੋਕੇਟ ਮਨਦੀਪ ਸਿੰਘ ਭਗਵਾਂ, ਜਸਪਾਲ ਸਿੰਘ ਤਲਵੰਡੀ, ਰਾਜਬੀਰ ਸਿੰਘ ਤਲਵੰਡੀ, ਮਾਸਟਰ ਜਗਦੀਪ ਸਿੰਘ ਤਲਵੰਡੀ, ਬਲਵਿੰਦਰ ਸਿੰਘ ਕੰਗ, ਬਿਕਰਮਜੀਤ ਸਿੰਘ ਗਹਿਰੀ ਮੰਡੀ, ਸਵਿੰਦਰ ਸਿੰਘ, ਨਿਸ਼ਾਨ ਸਿੰਘ, ਲਖਵਿੰਦਰ ਸਿੰਘ, ਗੁਰਭੇਜ ਸਿੰਘ, ਕਰਨਲ ਸਿੰਘ ਹਰਦੇਵ ਸਿੰਘ ਆਦਿ ਹਾਜ਼ਰ ਸਨ।

# ਭਾਜਪਾ ਉਮੀਦਵਾਰ ਦਾ ਚੱਠੇਵਾਲਾ 'ਚ ਭਾਕਿਯੂ ਉਗਰਾਹਾਂ ਵਲੋਂ ਕੀਤਾ ਡਟਵਾਂ ਵਿਰੋਧ



**ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਵਿਖੇ ਅੱਜ ਬੀਜੇਪੀ ਦੇ ਜ਼ਿਲ੍ਹਾ ਬਠਿੰਡਾ ਤੋਂ ਉਮੀਦਵਾਰ ਬੀਬਾ ਪਰਮਪਾਲ ਕੌਰ ਸਿੱਧੂ ਦੇ ਪਹੁੰਚਣ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਕਾਲੀਆਂ ਝੰਡੀਆਂ ਵਿਖਾ ਕੇ ਬਲਾਕ ਜਰਨਲ ਸਕੱਤਰ ਹਰਪ੍ਰੀਤ ਸਿੰਘ ਚੱਠੇਵਾਲਾ ਦੀ ਅਗਵਾਈ ਹੇਠ ਵਿਰੋਧ ਕੀਤਾ ਗਿਆ ਕਿਸਾਨ ਆਗੂਆਂ ਨੇ ਕਿਹਾ ਬੀਜੇਪੀ ਦੇ ਪਿੰਡਾਂ ਦੇ ਵਿੱਚ ਆਉਣ ਤੇ ਡਟਵਾਂ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਕਿਸਾਨਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਕਿਹਾ ਗਿਆ ਕਿ ਬੀਜੇਪੀ ਦੇ ਉਮੀਦਵਾਰਾਂ ਨੂੰ ਕਿਸਾਨਾਂ ਦੇ ਵਿਰੋਧ ਦਾ ਸਾਹਮਣਾ ਹੀ ਕਰਨਾ ਪੈਣਾ ਕਿਉਂਕਿ ਜਦੋਂ ਦਿੱਲੀ ਅੰਦੋਲਨ ਸਮੇਂ ਬੀਜੇਪੀ ਦੀ ਸੈਂਟਰ ਸਰਕਾਰ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਨਾਲ ਲਿਖਤੀ ਸਮਝੌਤਾ ਕੀਤਾ ਗਿਆ ਸੀ ਕਿ ਐਮਐਸਪੀ ਸਮੇਤ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ ਪਰ ਮੌਜੂਦਾ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ ਇਸ ਲਈ ਬੀਜੇਪੀ ਦੇ ਕੈਂਡੀਡੇਟਾਂ ਨੂੰ ਕਿਸਾਨਾਂ ਦੇ ਵਿਰੋਧ ਦਾ ਸਾਹਮਣਾ ਹੀ ਕਰਨਾ ਪੈਣਾ ਹੈ। ਇਸ ਸਮੇਂ ਅੱਜ ਦੇ ਵਿਰੋਧ ਵਿਚ ਬਲਾਕ ਤਲਵੰਡੀ ਸਾਬੋ ਦੇ ਆਗੂ ਕਲੱਤਰ ਸਿੰਘ ਕਲਾਲਵਾਲਾ, ਜਸਵੀਰ ਸਿੰਘ ਮੌੜ ਤਲਵੰਡੀ ਸਾਬੋ, ਜਸਵੀਰ ਸਿੰਘ ਲੇਲੇਵਾਲਾ ਤੇ ਗੁਰਜੀਤ ਸਿੰਘ ਬੰਗੇਹਰ ਅਤੇ ਕਿਸਾਨ ਮਜ਼ਦੂਰ ਵੀਰ ਵੱਡੀ ਗਿਣਤੀ ਵਿਚ ਸ਼ਾਮਿਲ ਸਨ।

## ਡਾ. ਚੀਮਾ 19 ਮਈ ਨੂੰ ਗੁਰਦਾਸਪੁਰ ਵਿੱਚ ਦੁਬਾਰਾ ਹਲਕੇ ਦੇ ਵੋਟਰਾਂ ਦੇ ਹੋਣਗੇ ਰੂਬਰੂ -ਬੱਬੇਹਾਲੀ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਮਈ (ਕੁਲਜੀਤ ਸਿੰਘ ਖੋਖਰ)**-ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾ ਦਲਜੀਤ ਸਿੰਘ ਚੀਮਾ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰਦਿਆਂ 19 ਮਈ ਨੂੰ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੇ ਵੋਟਰਾਂ ਦੇ ਦੁਬਾਰਾ ਰੂਬਰੂ ਹੋਣਗੇ ਅਤੇ ਵੱਖ-ਵੱਖ ਪਿੰਡਾਂ ਵਿੱਚ ਜਨਸਭਾਵਾਂ ਨੂੰ ਸੰਬੋਧਨ ਕਰਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਅਤੇ ਸਾਬਕਾ ਮੁੱਖ ਸੰਸਦੀ ਸਕੱਤਰ ਗੁਰਬਚਨ ਸਿੰਘ ਬੱਬੇਹਾਲੀ ਨੇ ਦੱਸਿਆ ਕਿ ਡਾ ਦਲਜੀਤ ਸਿੰਘ ਚੀਮਾ ਇਸ ਦਿਨ ਸਵੇਰੇ 10 ਵਜੇ ਹਲਕੇ ਦੇ ਪਿੰਡ ਬੱਬਰੀ ਨੰਗਲ ਅਤੇ ਦੁਪਹਿਰ 12 ਵਜੇ ਪਿੰਡ ਹੇਮਰਾਜਪੁਰ ਵਿੱਚ ਚੋਣ ਸਭਾਵਾਂ ਨੂੰ ਸੰਬੋਧਨ ਕਰਨਗੇ। ਇਸ ਉਪਰੰਤ ਬਾਅਦ ਦੁਪਹਿਰ 2 ਵਜੇ ਪਿੰਡ ਝਾਵਰ, 4 ਵਜੇ ਪਿੰਡ ਗੁੰਝੀਆਂ ਬੇਟ ਵਿਖੇ ਵੋਟਰਾਂ ਦੇ ਜਨਸਮੂਹ ਨੂੰ ਸੰਬੋਧਨ ਕਰਨਗੇ। ਇਸ ਉਪਰੰਤ ਸ਼ਾਮ 7 ਵਜੇ ਡਾ ਚੀਮਾ ਗੁਰਦਾਸਪੁਰ ਦੇ ਪਿੰਡ ਘੁਰਾਲਾ ਅਤੇ ਇਸ ਮਗਰੋਂ 8 ਵਜੇ ਨਬੀਪੁਰ ਵਿੱਚ ਆਪਣੇ ਵਿਚਾਰ ਰੱਖਣਗੇ। ਸ ਬੱਬੇਹਾਲੀ ਨੇ ਦੱਸਿਆ ਕਿ ਇਨ੍ਹਾਂ ਸੰਬੋਧਨਾਂ ਦੌਰਾਨ ਡਾ ਦਲਜੀਤ ਸਿੰਘ ਚੀਮਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਿਛਲੇ ਸਮੇਂ ਵਿੱਚ ਕੀਤੇ ਵਿਕਾਸ ਕਾਰਜਾਂ ਅਤੇ ਆਉਣ ਵਾਲੇ ਸਮੇਂ ਦੌਰਾਨ ਪਾਰਟੀ ਦੀਆਂ ਦੀਆਂ ਨੀਤੀਆਂ ਅਤੇ ਪੰਜਾਬ ਹਿਤ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸੋਚ ਅਤੇ ਯੋਜਨਾਵਾਂ ਬਾਰੇ ਖੁਲ੍ਹ ਕੇ ਵਿਚਾਰ ਚਰਚਾ ਕਰਣਗੇ। ਉਨ੍ਹਾਂ ਪਾਰਟੀ ਦੇ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਨਜ਼ਦੀਕੀ ਚੋਣ ਸਭਾਵਾਂ ਵਿੱਚ ਵੱਧ ਚੜ੍ਹ ਕੇ ਪਹੁੰਚਣ।

## ਨੈਸ਼ਨਲ ਡੇਂਗੂ ਬੁਖਾਰ ਦਿਵਸ ਤੇ ਦੂਜੀਆਂ ਮੌਸਮੀ ਬਿਮਾਰੀਆਂ ਸਬੰਧੀ ਲਗਾਇਆ ਜਾਗਰੂਕਤਾ ਕੈਂਪ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :— ਸਕੂਲੀ ਬੱਚਿਆਂ ਨੂੰ ਮੌਸਮੀ ਬਿਮਾਰੀਆਂ ਅਤੇ ਨੈਸ਼ਨਲ ਡੇਂਗੂ ਦਿਵਸ ਬਾਰੇ ਜਾਗਰੂਕ ਕਰਨ ਲਈ ਸਕੂਲ ਕੈਂਪਸ ਵਿਚ ਇਕ ਜਾਗਰੂਕਤਾ ਕੈਂਪ ਲਗਾਇਆ ਗਿਆ। ਅੱਜ ਨੈਸ਼ਨਲ ਡੇਂਗੂ ਬੁਖਾਰ ਦਿਵਸ ਤੇ ਸਕੂਲ ਦੇ ਸਟਾਫ ਅਤੇ ਬੱਚਿਆਂ ਦੇ ਸਹਿਯੋਗ ਨਾਲ ਡੇਂਗੂ ਬੁਖਾਰ, ਮਲੇਰੀਆ ਅਤੇ ਦੂਜੀਆਂ ਮੌਸਮੀ ਬਿਮਾਰੀਆਂ ਪ੍ਰਤੀ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸ ਵਿਚ ਪਹਿਲਾਂ ਦੀ ਤਰ੍ਹਾਂ ਸ੍ਰੀ ਪੀ.ਸੀ ਕੁਮਾਰ, ਦਿਨੇਸ਼ ਕਪੂਰ ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ, ਸਦਾਵਰਤ ਪੰਚਾਇਤੀ ਸੰਸਥਾ ਦੇ ਮੁੱਖ ਕਾਰਜਕਰਤਾ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸਮਾਜ ਸੁਧਾਰਕ, ਸੀਨੀਅਰ ਸਿਟੀਜਨ ਪਹੁੰਚੇ, ਜਿਨ੍ਹਾਂ ਨੇ ਇਸ ਮਾਰੂ ਬੁਖਾਰ ਸਬੰਧੀ ਇਲਾਜ ਨਾਲੋਂ ਪ੍ਰਹੇਜ਼ ਚੰਗਾ ਤੇ ਇਨ੍ਹਾਂ ਦੇ ਫੈਲਣ ਦੇ ਕਾਰਨ ਅਤੇ ਉਨ੍ਹਾਂ ਦੇ ਉਪਾਅ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਨਾਲ ਹੀ ਬੱਚਿਆਂ ਨੂੰ ਸਰੀਰਕ, ਮਾਨਸਿਕ, ਸਮਾਜਿਕ, ਕੁਰੀਤੀਆਂ, ਬਿਮਾਰੀਆਂ ਸਬੰਧੀ ਸੁਚੇਤ ਕੀਤਾ ਕਿ ਤੰਦਰੁਸਤ ਸਰੀਰ ਵਿਚ ਤੰਦਰੁਸਤ ਦਿਮਾਗ ਤੇ ਤੰਦਰੁਸਤ ਦਿਮਾਗ ਹੀ ਚੰਗੇ ਵਿਚਾਰ, ਕੰਮ ਕਰਕੇ ਘਰ ਵਿਚ, ਸਕੂਲ ਵਿਚ, ਸਕੂਲ ਵਿਚ, ਸਮਾਜ ਦੇਸ਼ ਵਿਚ ਚੰਗੇ ਬੱਚੇ, ਹੋਣਹਾਰ ਵਿਦਿਆਰਥੀ ਅਤੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਵਾਲੇ ਨਾਗਰਿਕ ਬਣਨ ਲਈ ਬੱਚਿਆਂ ਨੂੰ ਸਰਵਪੱਖੀ ਵਿਕਾਸ ਸਬੰਧੀ ਜਾਗਰੂਕ ਕੀਤਾ ਤੇ ਨਾਲ ਹੀ ਅੱਜ ਦੇ ਮੌਜੂਦਾ ਪੰਜਾਬ ਵਿਚ ਹੋਣ ਜਾ ਰਹੀ ਲੋਕ ਸਭਾ ਦੇ ਮੈਂਬਰਾਂ ਦੀ ਚੋਣ ਵਿਚ ਆਪਣੀ ਵੋਟ ਦਾ ਜ਼ੋ ਸੈਂਕੜੇ ਵਰ੍ਹਿਆਂ ਤੋਂ ਮਿਲਿਆ ਅਧਿਕਾਰ ਦਾ ਸੁਚੱਜਾ ਪ੍ਰਯੋਗ, ਇਮਾਨਦਾਰੀ, ਬਗੈਰ ਜਾਤ—ਪਾਤ, ਊਚ—ਨੀਚ ਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਵੇਰ ਦੀ ਸਭਾ ਵਿਚ ਬੱਚਿਆਂ ਨੂੰ ਨੈਤਿਕ ਕਦਰਾਂ—ਕੀਮਤਾਂਅਤੇ ਵਿਸ਼ ਵਸਤੂ ਤੇ ਵੀ ਵਿਸਥਾਰ ਪੂਰਵਕ ਪ੍ਰਸ਼ਨ—ਉੱਤਰ ਕੀਤੇ ਗਏ। ਸਕੂਲ ਸਟਾਫ ਵੱਲੋਂ ਆਏ ਪਤਵੰਤੇ ਸੱਜਣਾਂ ਦਾ ਇਸ ਸਮਾਜਿਕ ਅਤੇ ਕਲਿਆਣਕਾਰੀ ਕੰਮ ਲਈ ਧੰਨਵਾਦ ਕੀਤਾ ਗਿਆ।

### ਭਾਕਿਯੂ ਏਕਤਾ—ਡਕੌਂਦਾ ਨੇ ਲਾਇਆ

# ਐਸ.ਐਸ.ਪੀ ਦਫਤਰ ਮੂਹਰੇ ਵਿਸ਼ਾਲ ਧਰਨਾ—ਮਨਜੀਤ ਧਨੇਰ





ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਨਜਾਇਜ਼ ਗ੍ਰਿਫ਼ਤਾਰੀ ਖਿਲਾਫ ਅਤੇ ਜੇਲ੍ਹ ਤੋਂ ਰਿਹਾਈ ਕਰਵਾਉਣ ਲਈ ਕਿਸਾਨ ਜਥੇਬੰਦੀ ਵੱਲੋਂ ਅੱਜ ਐਸ.ਐਸ.ਪੀ ਫਿਰੋਜ਼ਪੁਰ ਦੇ ਦਫਤਰ ਮੂਹਰੇ ਵਿਸ਼ਾਲ ਧਰਨਾ ਲਗਾਇਆ ਗਿਆ। ਇਸ ਧਰਨੇ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਵੱਲੋਂ ਕੀਤੀ ਗਈ, ਜਦੋਂ ਕਿ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਤੁਰੰਤ ਰਿਹਾ ਕੀਤਾ ਜਾਵੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਅੰਗਰੇਜ਼ ਸਿੰਘ ਭਦੌੜ ਸੂਬਾ ਪ੍ਰੈੱਸ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਦੱਸਿਆ ਕਿ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਬੋਲਦਿਆਂ ਕਿਹਾ ਕਿ ਹਰਨੇਕ ਸਿੰਘ ਮਹਿਮਾ ਨੂੰ ਜਾਣ ਬੁੱਝ ਕੇ ਚੋਣਾਂ ਸਮੇਂ ਪੁਰਾਣੇ ਕੇਸਾਂ ਵਿੱਚ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਗਿਆ ਹੈ ਤਾਂ ਕਿ ਉਹ ਭਾਰਤੀ ਜਨਤਾ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਸਵਾਲ ਨਾ ਪੁੱਛ ਸਕਣ।

ਜ਼ਿਕਰਯੋਗ ਹੈ ਕਿ 10 ਮਈ ਦੀ ਸ਼ਾਮ ਨੂੰ ਜਦੋਂ ਹਰਨੇਕ ਸਿੰਘ ਮਹਿਮਾ ਆਪਣੇ ਸਾਥੀਆਂ ਸਮੇਤ ਭਾਜਪਾ ਦੇ ਫਿਰੋਜ਼ਪੁਰ ਤੋਂ ਉਮੀਦਵਾਰ ਗੁਰਮੀਤ ਸਿੰਘ ਰਾਣਾ ਸੋਢੀ ਨੂੰ ਕਾਲੇ ਝੰਡੇ ਦਿਖਾਉਣ ਲਈ ਜਾ ਰਹੇ ਸਨ ਤਾਂ ਰਸਤੇ ਵਿੱਚੋਂ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਕਿਹਾ ਹਾਕਮਾਂ ਨੂੰ ਹਰਨੇਕ ਸਿੰਘ ਮਹਿਮਾ ਹੀ ਭਗੌੜਾ ਦੱਸਿਆ ਜਦ ਕਿ ਕੁਲਰੀਆਂ ਦਾ ਗੁੰਡਾ ਸਰਗਣਾ ਰਾਜਬੀਰ ਸਿੰਘ ਸਰਪੰਚ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਦੀ ਬੁਢਲਾਡਾ ਹਲਕੇ ਦੀ ਚੋਣ ਮੁਹਿੰਮ ਸੰਭਾਲੀ ਹੋਈ ਹੈ। ਚੋਣ ਕਮਿਸ਼ਨ ਇਸ ਸਭ ਕੁੱਝ ਨੂੰ ਮੂਕ ਦਰਸ਼ਕ ਬਣ ਕੇ ਵੇਖ ਰਿਹਾ ਹੈ। ਅੱਜ ਵਾਲੇ ਧਰਨੇ ਵਿੱਚ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਅਤੇ ਇਸ ਏਰੀਏ ਵਿੱਚ ਕੰਮ ਕਰਦੀਆਂ ਬਹੁਤ ਸਾਰੀਆਂ ਹੋਰ ਜਥੇਬੰਦੀਆਂ ਨੇ ਹਮਾਇਤੀ ਲਲਕਾਰਾ ਮਾਰਦਿਆਂ ਸ਼ਮੂਲੀਅਤ ਕੀਤੀ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਨੇ ਕਿਹਾ ਕਿ ਪ੍ਰਸ਼ਾਸਨ ਕਿਸਾਨਾਂ ਨੂੰ ਵਾਰ—ਵਾਰ ਲਾਰੇ ਲਾ ਰਿਹਾ ਹੈ ਕਿ ਉਹ ਹਰਨੇਕ ਮਹਿਮਾ ਦੀ ਰਿਹਾਈ ਲਈ ਪੂਰੇ ਯਤਨਸ਼ੀਲ ਹਨ ਪਰ ਪ੍ਰਸ਼ਾਸਨ ਵੱਲੋਂ ਚੋਣਾਂ ਦੇ ਮੌਕੇ ਤੇ ਪੁਰਾਣੇ ਕੇਸਾਂ ਵਿੱਚ ਗ੍ਰਿਫ਼ਤਾਰ ਕਰਨਾ ਪ੍ਰਸ਼ਾਸਨ ਦੀ ਬਦਨੀਅਤ ਨੂੰ ਨੰਗਿਆਂ ਕਰਦਾ ਹੈ। ਇਸ ਤੋਂ ਇਹ ਵੀ ਸਾਫ ਹੋ ਗਿਆ ਹੈ ਕਿ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਦੀ ਆਪਸ ਵਿੱਚ ਮਿਲੀ ਭੁਗਤ ਹੈ ਅਤੇ ਕਿਸਾਨਾਂ ਵੱਲੋਂ ਭਾਜਪਾ ਦੇ ਕੀਤੇ ਜਾ ਰਹੇ ਵਿਰੋਧ ਤੋਂ ਔਖੀ ਹੋ ਕੇ ਇਸ ਨੂੰ ਰੋਕਣ ਦੀ ਕੋਸ਼ਿਸ਼ ਕਰ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕੋਈ ਵੀ ਜ਼ੁਲਮ, ਜੇਲ੍ਹਾਂ ਅਤੇ ਥਾਣੇ ਉਨ੍ਹਾਂ ਨੂੰ ਕਿਸਾਨ ਹਿੱਤਾਂ ਲਈ ਲੜਨ ਤੋਂ ਰੋਕ ਨਹੀਂ ਸਕਦੇ। ਸੂਬਾ ਔਰਤ ਆਗੂ ਅੰਮ੍ਰਿਤ ਪਾਲ ਕੌਰ ਨੇ ਸੰਘਰਸ਼ ਮਈ ਵਿਰਾਸਤ ਨੂੰ ਆਪਣੇ ਬੁੱਕਲ ਵਿੱਚ ਸੰਭਾਲੀ ਬੈਠੀਆਂ ਅੱਧ ਸੰਸਾਰ ਮਾਲਕ ਔਰਤਾਂ ਨੂੰ ਜਥੇਬੰਦ ਹੋ ਕੇ ਸੰਘਰਸ਼ ਦੇ ਮੈਦਾਨ ਵਿਚ ਨਿੱਤਰਨ ਦਾ ਸੱਦਾ ਦਿੱਤਾ। ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲਕਲਾਂ ਦੇ ਕਨਵੀਨਰ ਨਰਾਇਣ ਦੱਤ ਨੇ ਹਾਕਮਾਂ ਨੂੰ ਚਿਤਾਵਨੀ ਦਿੱਤੀ ਕਿ ਲੋਕਾਂ ਦੇ ਇਤਿਹਾਸ ਨੂੰ ਕੰਧ ਤੇ ਲਿਖਿਆ ਪੜ੍ਹ ਲੈਣ ਕਿ ਹਕੂਮਤ ਦਾ ਜਬਰ ਸੰਘਰਸ਼ ਦੀ ਖ਼ੁਰਾਕ ਬਣ ਜਾਂਦਾ ਹੈ। ਉਹ ਮਹਿਲਕਲਾਂ ਦਾ ਸ਼ਾਨਾਮੱਤਾ ਇਤਿਹਾਸ ਗਵਾਹ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਹਰਨੇਕ ਸਿੰਘ ਮਹਿਮਾ ਨੂੰ ਜੇਲ੍ਹਾਂ ਵਿੱਚ ਡੱਕ ਕੇ ਹਾਕਮ ਇਹ ਭਰਮ ਛੱਡ ਦੇਣ ਕਿ ਉਹ ਹੁਣ ਚੁੱਪ ਚਾਪ ਵੋਟਾਂ ਦੀ ਫ਼ਸਲਾਂ ਮੁੰਨ ਲੈਣਗੇ। ਆਪਣੇ ਸੰਬੋਧਨ ਵਿੱਚ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ 21 ਮਈ ਨੂੰ ਜਗਰਾਉ ਕਿਸਾਨ—ਮਜਦੂਰ ਮਹਾਂ—ਪੰਚਾਇਤ ਮੌਕੇ ਹਰਨੇਕ ਸਿੰਘ ਮਹਿਮਾ ਨੂੰ ਰਿਹਾਅ ਨਾ ਕਰਨ ਦੀ ਸੂਰਤ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਭਰਾਤਰੀ ਜਥੇਬੰਦੀਆਂ ਦੇ ਗੁਰਭੇਜ ਸਿੰਘ ਰੋਹੀਵਾਲਾ, ਅਵਤਾਰ ਸਿੰਘ ਮਹਿਮਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਸੁੱਖ ਗਿੱਲ ਮੋਗਾ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ, ਸੁਖਮੰਦਰ ਸਿੰਘ ਜ਼ਿਲਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ, ਅਮਰੀਕ ਸਿੰਘ ਜ਼ਿਲਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਯਾਦਗਾਰ ਕਮੇਟੀ ਮਹਿਲ ਕਲਾਂ ਦੇ ਕਨਵੀਨਰ ਨਰਾਇਣ ਦੱਤ, ਸੁਰਜੀਤ ਕੁਮਾਰ ਵਜੀਦਪੁਰ, ਕਿਰਤੀ ਕਿਸਾਨ ਯੂਨੀਅਨ ਦੀ ਬੀਬੀ ਰਾਜ ਕੌਰ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਕੈਪਟਨ ਕਰਨੈਲ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਚੱਲ ਰਹੇ ਸੰਘਰਸ਼ ਵਿੱਚ ਪੂਰਾ ਸਾਥ ਦੇਣ ਦਾ ਐਲਾਨ ਕੀਤਾ। ਅੱਜ ਦੇ ਧਰਨੇ ਵਿੱਚ ਫਿਰੋਜ਼ਪੁਰ ਤੋਂ ਇਲਾਵਾ ਫਾਜ਼ਿਲਕਾ, ਮੁਕਤਸਰ ਸਾਹਿਬ, ਫਰੀਦਕੋਟ, ਲੁਧਿਆਣਾ, ਮੋਗਾ, ਕਪੂਰਥਲਾ, ਬਠਿੰਡਾ, ਮਾਨਸਾ, ਬਰਨਾਲਾ, ਸੰਗਰੂਰ, ਮਲੇਰਕੋਟਲਾ ਅਤੇ ਮੋਹਾਲੀ ਤੋਂ ਕਿਸਾਨਾਂ ਦੇ ਕਾਫਲੇ ਨੂੰ ਐਸ.ਐਸ.ਪੀ ਦਫਤਰ ਫਿਰੋਜ਼ਪੁਰ ਅੱਗੇ ਲਾਏ ਗਏ ਧਰਨੇ ਵਿੱਚ ਪੂਰੇ ਜੋਸ਼ ਖਰੋਸ਼ ਨਾਲ ਸ਼ਮੂਲੀਅਤ ਕੀਤੀ। ਸਟੇਜ ਸਕੱਤਰ ਦੇ ਫਰਜ਼ ਦਰਸ਼ਨ ਸਿੰਘ ਕੁੜਮਾਂ ਨੇ ਨਿਭਾਈ। ਇਸ ਮੌਕੇ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਜ਼ਿਲਾ ਮੈਬਰ ਬਗੀਚਾ ਸਿੰਘ ਗੁ➡ਹਰਸਹਾਏ—1 ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡ ਵਾਲਾ ਬਲਾਕ ਗੁਰੂਹਰਸਹਾਏ—2 ਬਲਾਕ ਪ੍ਰਧਾਨ ਸੁਖਦੇਵ ਢੋਟ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਫਿਰੋਜ਼ਪੁਰ ਬਲਾਕ ਪ੍ਰਧਾਨ ਅਮਰੀਕ ਸਿੰਘ ਪੱਲ੍ਹਾ ਮੇਘਾ ਘੱਲ ਬਲਾਕ ਤੋਂ ਅੰਮ੍ਰਿਤਪਾਲ ਸਿੰਘ, ਨਿਰਮਲ ਸਿੰਘ, ਬਲਵੰਤ ਸਿੰਘ ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ ਜਨਰਲ ਸਕੱਤਰ ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ ਮੱਖੂ ਬਲਾਕ ਪ੍ਰਧਾਨ ਮੁਨਸ਼ਾ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲੀ ਉਮੀਦਵਾਰ ਡਾ. ਚੀਮਾ ਦੇ ਹੱਕ ’ਚ ਚੋਣ ਪ੍ਰਚਾਰ ਲਈ ਚੱਕ ਸ਼ਰੀਫ ’ਚ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਵਲੋਂ ਚੋਣ ਮੀਟਿੰਗ

# ਕਾਂਗਰਸ ਨੂੰ ਵੋਟ ਪਾਉਣਾ ਸਿੱਖਾਂ ਦੇ ਕਾਤਲਾਂ ਦੇ ਨਾਲ ਖੜ੍ਹਣ ਬਰਾਬਰ- ਬੀਬੀ ਜਗੀਰ ਕੌਰ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਮਾਰਚ (ਕੁਲਜੀਤ ਸਿੰਘ ਖੋਖਰ)**-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾ. ਦਲਜੀਤ ਸਿੰਘ ਚੀਮਾ ਦੇ ਹੱਕ ‘ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਵਲੋਂ ਅੱਜ ਚੱਕ ਸ਼ਰੀਫ ਵਿਖੇ ਭਰਵੀਂ ਚੋਣ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਬੀਬੀ ਜਗੀਰ ਕੌਰ ਨੇ ਆਖਿਆ ਕਿ ਲੋਕ ਸਭਾ ਚੋਣਾਂ ਵਿਚ ਕਾਂਗਰਸ ਨੂੰ ਵੋਟ ਪਾਉਣਾ ਸਿੱਖਾਂ ਦੇ ਕਾਤਲਾਂ ਦੇ ਹੱਕ ਵਿਚ ਖੜ੍ਹਣ ਬਰਾਬਰ ਹੋਵੇਗਾ। ਬੀਬੀ ਜਗੀਰ ਕੌਰ ਨੇ ਸੰਬੋਧਨ ਕਰਦਿਆਂ ਆਖਿਆ ਕਿ ਲੋਕ ਸਭਾ ਚੋਣਾਂ ਵਿਚ ਵੋਟ ਪਾਉਣ ਤੋਂ ਪਹਿਲਾਂ ਪਾਰਟੀਆਂ ਦੀ ਸੋਚ ਅਤੇ ਉਮੀਦਵਾਰਾਂ ਦੇ ਕਿਰਦਾਰ ਜ਼ਰੂਰ ਵੇਖੇ ਜਾਣ। ਉਨ੍ਹਾਂ ਕਿਹਾ ਕਿ ਕਾਂਗਰਸ ਉਹ ਪਾਰਟੀ ਹੈ, ਜਿਹੜੀ 1947 ਦੇ ਬਟਵਾਰੇ ਦੌਰਾਨ 10 ਲੱਖ ਪੰਜਾਬੀਆਂ ਦੇ ਮਾਰੇ ਜਾਣ ਲਈ ਜ਼ਿੰਮੇਵਾਰ ਹੈ ਅਤੇ ਇਸ ਨੇ ਆਜ਼ਾਦੀ ਤੋਂ ਬਾਅਦ ਪੰਜਾਬ ਅਤੇ ਸਿੱਖਾਂ ਉੱਤੇ ਹਮੇਸ਼ਾ ਜਬਰ-ਜ਼ੁਲਮ ਢਾਹਿਆ। ਉਨ੍ਹਾਂ ਕਿਹਾ ਕਿ ਭਾਸ਼ਾਈ ਆਧਾਰ ‘ਤੇ ਸੂਬਿਆਂ ਦੀ ਵੰਡ ਵੇਲੇ ਪੰਜਾਬ ਨੂੰ ਸ਼ਾਮਲ ਨਹੀਂ ਕੀਤਾ ਗਿਆ ਪਰ ਜਦੋਂ ਪੰਜਾਬੀ ਸੂਬਾ ਮੋਰਚੇ ਦੌਰਾਨ ਅਕਾਲੀਆਂ ਦੀਆਂ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਕਾਂਗਰਸ ਹਕੂਮਤ ਨੇ ਪੰਜਾਬੀ ਸੂਬਾ ਦਿੱਤਾ ਵੀ ਤਾਂ ਇਸ ਨੂੰ ਅੱਜ ਤੱਕ ਆਪਣੀ ਰਾਜਧਾਨੀ ਨਹੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਵੋਟ ਪਾਉਣ ਤੋਂ ਪਹਿਲਾਂ ਹਰੇਕ ਸਿੱਖ ਨੂੰ 6 ਜੂਨ 1984 ਨੂੰ ਕਾਂਗਰਸ ਸਰਕਾਰ ਵਲੋਂ ਢਾਹੇ ਗਏ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਜ਼ਰੂਰ ਚੇਤੇ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਵੰਬਰ ‘84 ਦੇ ਸਿੱਖ ਕਤਲੇਆਮ ਦੌਰਾਨ ਹਜ਼ਾਰਾਂ ਸਿੱਖਾਂ ਦੀ ਨਸਲਕੁਸ਼ੀ ਕਾਂਗਰਸ ਦੇ ਆਗੂਆਂ ਦੀ ਸਰਪ੍ਰਸਤੀ ਹੇਠ ਹੋਈ ਸੀ ਜਦੋਂਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਰਸਿਮਰਤ ਕੌਰ ਬਾਦਲ ਨੇ ਮੈਂਬਰ ਪਾਰਲੀਮੈਂਟ ਬਣ ਕੇ ਨਵੰਬਰ ‘84 ਕਤਲੇਆਮ ਦੀਆਂ ਦਹਾਕਿਆਂ ਤੋਂ ਬੰਦ ਪਈਆਂ ਫਾਈਲਾਂ ਮੁੜ ਖੁੱਲ੍ਹਵਾਈਆਂ ਅਤੇ ਸੱਜਣ ਕੁਮਾਰ ਤੇ ਟਾਈਟਲਰ ਨੂੰ ਸਜ਼ਾਵਾਂ ਦਿਵਾਈਆਂ। ਬੀਬੀ ਜਗੀਰ ਕੌਰ ਨੇ ਦੋਸ਼ ਲਾਇਆ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਤੇ ਭਾਰਤੀ ਜਨਤਾ ਪਾਰਟੀ ਨੇ ਪੂਰੀ ਤਰ੍ਹਾਂ ਕਬਜ਼ਾ ਕਰਨ ਤੋਂ ਬਾਅਦ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਬਣਾ ਕੇ ਇਕ ਸਦੀ ਪਹਿਲਾਂ ਸਿੱਖ ਸ਼ਹੀਦਾਂ ਦੇ ਲਹੂ ਨਾਲ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਦਾ ਪਾਪ ਵੀ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ 30 ਸਾਲਾਂ ਵਿਚ ਪੰਜਾਬ ਸਿਰ 2 ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹਿਆ, ਜਦੋਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਸਿਰਫ ਦੋ ਸਾਲਾਂ ਅੰਦਰ ਹੀ 90 ਹਜ਼ਾਰ ਕਰੋੜ ਦਾ ਨਵਾਂ ਕਰਜ਼ਾ ਚੜ੍ਹ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਸਰਕਾਰ ਦੇ ਖਰਚੇ ਨਾਲ ਦੂਜੇ ਸੂਬਿਆਂ ‘ਚ ਚੋਣਾਂ ਦੀ ਇਸ਼ਿਤਹਾਰਬਾਜ਼ੀ ਕਰਦੀ ਹੈ ਅਤੇ ਪੰਜਾਬ ਦੇ ਖ਼ਜ਼ਾਨੇ ਵਿਚੋਂ ਹੀ ਕੇਜਰੀਵਾਲ ਦੇ ਸੈਰ-ਸਪਾਟੇ ਦਾ ਖਰਚ ਕੀਤਾ ਜਾਂਦਾ ਰਿਹਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬੀ ਸੂਬਾ ਮੋਰਚਾ ਤੋਂ ਲੈ ਕੇ ਅੱਜ ਤੱਕ ਪੰਜਾਬ ਦੇ ਹੱਕਾਂ ਲਈ ਹਮੇਸ਼ਾ ਸੰਘਰਸ਼ ਕੀਤਾ ਅਤੇ ਹੁਣ ਵੀ ਕਿਸਾਨਾਂ ਅਤੇ ਬੰਦੀ ਸਿੰਘਾਂ ਖਾਤਰ ਭਾਜਪਾ ਨਾਲ 27 ਸਾਲ ਪੁਰਾਣਾ ਗਠਜੋੜ ਛੱਡ ਦਿੱਤਾ। ਉਨ੍ਹਾਂ ਕਿਹਾ ਕਿ ਸਤਲੁਜ-ਜਮੁਨਾ ਲਿੰਕ ਨਹਿਰ ਦੀ ਜ਼ਮੀਨ ਕਿਸਾਨਾਂ ਨੂੰ ਵਾਪਸ ਕਰਕੇ ਅਕਾਲੀ ਸਰਕਾਰ ਦੌਰਾਨ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਦੇ ਦਰਿਆਈ ਪਾਣੀ ਦੇ ਮਸਲੇ ‘ਤੇ ਜਿਹੜਾ ਇਤਿਹਾਸਕ ਸਟੈਂਡ ਲਿਆ ਸੀ, ਉਹ ਹੋਰ ਕੋਈ ਵੀ ਪਾਰਟੀ ਨਹੀਂ ਲੈ ਸਕਦੀ। ਬੀਬੀ ਜਗੀਰ ਕੌਰ ਨੇ ਆਖਿਆ ਕਿ ਪੰਜਾਬ ਦੇ ਮਸਲਿਆਂ ਦੇ ਹੱਲ ਲਈ ਡਾ. ਦਲਜੀਤ ਸਿੰਘ ਚੀਮਾ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ 13 ਉਮੀਦਵਾਰਾਂ ਨੂੰ ਜਿਤਾਉਣਾ ਜ਼ਰੂਰੀ ਹੈ। ਇਸ ਮੌਕੇ ਡਾ. ਦਲਜੀਤ ਸਿੰਘ ਚੀਮਾ ਨੇ ਆਖਿਆ ਕਿ ਅਕਾਲੀ ਦਲ ਨੇ ਐਮਰਜੈਂਸੀ ਵੇਲੇ ਆਪਣੇ ਸਿਧਾਂਤਾਂ ‘ਤੇ ਪਹਿਰਾ ਦਿੰਦਿਆਂ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ ਸਰਕਾਰ ਬਣਾਉਣ ਦੇ ਦਿੱਤੇ ਲਾਲਚ ਤੱਕ ਠੁਕਰਾ ਦਿੱਤੇ ਸਨ ਅਤੇ ਹੁਣ ਵੀ ਅਕਾਲੀ ਲੀਡਰਸ਼ਿਪ ਪੰਜਾਬ ਦੇ ਕਿਸਾਨਾਂ ਤੇ ਪੰਥ ਦੇ ਹਿਤਾਂ ਲਈ ਹਰ ਸੰਘਰਸ਼ ਕਰਨ ਲਈ ਤਿਆਰ ਰਹਿੰਦੀ ਹੈ। ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਆਖਿਆ ਕਿ ਡਾ. ਚੀਮਾ ਨੂੰ ਵੱਡੇ ਬਹੁਮਤ ਨਾਲ ਜਿਤਾਇਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਕਾਦੀਆਂ ਦੇ ਸਾਬਕਾ ਪ੍ਰਧਾਨ ਜਰਨੈਲ ਸਿੰਘ ਮਾਹਲ, ਇੰਦਰਜੀਤ ਸਿੰਘ ਜਕੜੀਆ, ਕੈਪਟਨ ਰਣਜੀਤ ਸਿੰਘ, ਇੰਸਪੈਕਟਰ ਕਰਨੈਲ ਸਿੰਘ, ਸ਼ਾਮ ਸਿੰਘ, ਬਲਵਿੰਦਰ ਪਾਲ ਸਿੰਘ, ਚੰਚਲ ਸਿੰਘ, ਮੱਖਣ ਸਿੰਘ, ਜੋਗਾ ਸਿੰਘ, ਵਾਰਸ ਮਸੀਹ, ਅਸ਼ੋਕ, ਜਸਵੀਰ ਸਿੰਘ ਜਾਗੋਵਾਲ, ਸ਼ਮਸ਼ੇਰ ਸਿੰਘ, ਅਮਰੀਕ ਸਿੰਘ ਗੋਲਡੀ, ਬਲਵਿੰਦਰ ਸਿੰਘ, ਸਾਬਕਾ ਚੇਅਰਮੈਨ ਮਨਜੀਤ ਸਿੰਘ ਅਤੇ ਹਰਦੀਪ ਸਿੰਘ ਆਦਿ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV


# ਬੇਅਦਬੀ ਦੀ ਘਟਨਾ ਨੂੰ ਲੈ ਕੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਪੁਲਿਸ ਪ੍ਰਸ਼ਾਸਨ ਕੋਲ ਲਾਈ ਗੁਹਾਰ



ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :— ਅੱਜ ਸਿੱਖ ਜਥੇਬੰਦੀਆਂ ਤੇ ਸੰਤ ਸਮਾਜ ਦੇ ਨੁਮਾਇੰਦਿਆਂ ਨੇ ਭਾਈ ਲਖਬੀਰ ਸਿੰਘ ਮਹਾਲਮ ਸਰਪ੍ਰਸਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਡੀ.ਆਈ.ਜੀ ਫ਼ਿਰੋਜ਼ਪੁਰ ਰੇਂਜ ਰਣਜੀਤ ਸਿੰਘ ਢਿੱਲੋਂ ਨਾਲ ਮੀਟਿੰਗ ਕੀਤੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਬੀਰ ਸਿੰਘ ਨੇ ਦੱਸਿਆ ਕਿ ਇਹ ਮੀਟਿੰਗ ਜਿਸ ਵਿਚ ਬੀਤੀ 4 ਮਈ ਨੂੰ ਪਿੰਡ ਬੰਡਾਲਾ ਸਥਿਤ ਬਾਬਾ ਬੀਰ ਸਿੰਘ ਜੀ ਗੁਰਦੁਆਰਾ ਸਾਹਿਬ ਵਿਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਘਟਨਾ ਦੇ ਅਸਲ ਦੋਸ਼ੀਆਂ ਨੂੰ ਸਾਹਮਣੇ ਲਿਆਉਣ ਦੀ ਮੰਗ ਕੀਤੀ ਗਈ। ਇਸ ਮੌਕੇ ਸਿੱਖ ਜਥੇਬੰਦੀਆਂ ਅਤੇ ਸੰਤ ਸਮਾਜ ਦੇ ਨੁਮਾਇੰਦਿਆਂ ਨੇ ਦੋਸ਼ੀ ਬਖਸੀਸ਼ ਦੇ ਪਰਿਵਾਰਕ ਮੈਂਬਰਾਂ ਅਤੇ ਇਸ ਘਟਨੇ ਪਿਛੇ ਦੋਸ਼ੀਆਂ ਖਿਲਾਫ ਵੀ ਕਾਰਵਾਈ ਦੀ ਮੰਗ ਕੀਤੀ। ਭਾਈ ਲਖਬੀਰ ਸਿੰਘ ਅਤੇ ਸਾਥੀਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਸਾਲ 2015 ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਪਰ 3 ਸਰਕਾਰਾਂ ਬਦਲ ਜਾਣ ਦੇ ਬਾਵਜੂਦ ਵੀ ਇਹ ਘਟਨਾਵਾਂ ਦੇ ਦੋਸ਼ੀਆਂ ਨੂੰ ਨਾ ਤਾਂ ਕੋਈ ਸਜਾ ਹੋਈ ਹੈ ਤੇ ਨਾ ਹੀ ਇਹ ਘਟਨਾਵਾਂ ਨੂੰ ਰੋਕਣ ਲਈ ਕੋਈ ਪ੍ਰਬੰਧ ਨਹੀਂ ਕੀਤੇ ਗਏ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬਿਨ੍ਹਾਂ ਦੇਰੀ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇ ਅਤੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਕੀਤਾ ਜਾ ਰਿਹਾ ਖਿਲਵਾੜ ਬੰਦ ਕਰਵਾਇਆ ਜਾਵੇ। ਇਸ ਮੌਕੇ ਬਾਬਾ ਕੁਲਦੀਪ ਸਿੰਘ, ਬਾਬਾ ਅਵਤਾਰ ਸਿੰਘ ਦਲ ਪੰਥ ਬਾਬਾ ਬਿੱਧੀ ਚੰਦ ਭਾਈ ਅਮਰੀਕ ਸਿੰਘ ਅਜਨਾਲਾ, ਰੇਸ਼ਮ ਸਿੰਘ ਖਖਰਾਣਾ, ਇੰਟਰ ਨੈਸ਼ਨਲ ਦਲ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ, ਭਾਈ ਸੁਖਦੇਵ ਸਿੰਘ ਬੰਡਾਲਾ, ਬਾਬਾ ਗੁਰਪਿੰਦਰ ਸਿੰਘ, ਬਾਬਾ ਗੁਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਸੁਖਵਿੰਦਰ ਸਿੰਘ, ਭਾਈ ਜ਼ਸਵਿੰਦਰ ਸਿੰਘ, ਹਰਦੇਵ ਸਿੰਘ ਸਰਪੰਚ, ਮੇਜਰ ਸਿੰਘ ਸਾਬਕਾ ਸਰਪੰਚ, ਛਿੰਦਾ ਸਿੰਘ ਸਾਬਕਾ ਸਰਪੰਚ, ਜਥੇਦਾਰ ਪ੍ਰਿਥੀ ਸਿੰਘ, ਜਥੇਦਾਰ ਕਸ਼ਮੀਰ ਸਿੰਘ, ਬਾਬਾ ਪ੍ਰਤਾਪ ਸਿੰਘ, ਜਥੇਦਾਰ ਜੰਗਾ ਸਿੰਘ, ਬਲੀ ਸਿੰਘ, ਮਲਕੀਤ ਸਿੰਘ ਸਰਪੰਚ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਗਲੇ 5 ਦਿਨ ਲੋਕਾਂ ਨੂੰ ਸਤਾਵੇਗੀ ਕੜਾਕੇ ਦੀ ਗਰਮੀ, 47 ਡਿਗਰੀ ਤੋਂ ਪਾਰ ਪਹੁੰਚੇਗਾ ਪਾਰਾ, ਮੌਸਮ ਵਿਭਾਗ ਨੇ ਦਿੱਤੀ ਚੇਤਾਵਨੀ



**ਨਵੀਂ ਦਿੱਲੀ, 17 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼, ਦਿੱਲੀ, ਰਾਜਸਥਾਨ, ਪੰਜਾਬ ਅਤੇ ਹਰਿਆਣਾ ਸਮੇਤ ਉੱਤਰ-ਪੱਛਮੀ ਭਾਰਤ ਵਿੱਚ ਹੀਟ ਵੇਵ ਦਾ ਅਲਰਟ ਜਾਰੀ ਕਰ ਦਿੱਤਾ ਹੈ। ਮੌਸਮ ਵਿਭਾਗ ਦਾ ਕਹਿਣਾ ਹੈ ਕਿ ਅਗਲੇ ਪੰਜ ਦਿਨਾਂ ਤੱਕ ਗਰਮ ਹਵਾਵਾਂ ਨਾਲ ਭਿਆਨਕ ਗਰਮੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਨਾਲ ਹੀ, ਇਸ ਹਫ਼ਤੇ ਦੇ ਅਖੀਰ ਤੱਕ ਕਈ ਸੂਬਿਆਂ ਵਿੱਚ ਤਾਪਮਾਨ 45 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਹੈ। ਦੂਜੇ ਪਾਸੇ ਹਰਿਆਣਾ ਦੇ ਸਿਰਸਾ ਵਿੱਚ ਵੀਰਵਾਰ ਨੂੰ ਵੱਧ ਤੋਂ ਵੱਧ ਤਾਪਮਾਨ 47 ਡਿਗਰੀ ਤੱਕ ਪਹੁੰਚ ਗਿਆ, ਜੋ ਸੂਬੇ ਵਿੱਚ ਸਭ ਤੋਂ ਵੱਧ ਸੀ। ਮੌਸਮ ਵਿਭਾਗ (IMD) ਨੇ ਵੀਰਵਾਰ ਨੂੰ ਕਿਹਾ ਕਿ 18 ਮਈ ਤੋਂ ਪੂਰਬੀ ਅਤੇ ਮੱਧ ਭਾਰਤ ਵਿੱਚ ਹੀਟ ਵੇਵ ਦਾ ਸਾਹਮਣਾ ਕਰਨਾ ਪਵੇਗਾ। ਵਿਭਾਗ ਨੇ ਹਰਿਆਣਾ, ਪੰਜਾਬ, ਰਾਜਸਥਾਨ ਅਤੇ ਦਿੱਲੀ ਲਈ ਆਰੇਂਜ ਅਲਰਟ ਜਾਰੀ ਕੀਤਾ ਹੈ। ਇਹ ਬੱਚਿਆਂ, ਬਜ਼ੁਰਗਾਂ ਅਤੇ ਪੁਰਾਣੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਲਈ ਸਿਹਤ ਚਿੰਤਾਵਾਂ ’ਤੇ ਜ਼ੋਰ ਦਿੰਦਾ ਹੈ। ਚੇਤਾਵਨੀ ਵਿੱਚ ਕਿਹਾ ਗਿਆ ਹੈ ਕਿ ਜਿਹੜੇ ਲੋਕ ਲੰਬੇ ਸਮੇਂ ਤੱਕ ਧੁੱਪ ਵਿੱਚ ਰਹਿੰਦੇ ਹਨ ਜਾਂ ਭਾਰੀ ਕੰਮ ਕਰਦੇ ਹਨ, ਉਨ੍ਹਾਂ ਵਿੱਚ ਗਰਮੀ ਨਾਲ ਸਬੰਧਤ ਬਿਮਾਰੀਆਂ ਵਿੱਚ ਵਾਧਾ ਹੋਣ ਦੀ ਸੰਭਾਵਨਾ ਹੈ। ਵਿਭਾਗ ਨੇ ਕਿਹਾ ਕਿ ਪੱਛਮੀ ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ 17 ਤੋਂ 20 ਮਈ ਦੌਰਾਨ ਅਤੇ ਪੰਜਾਬ, ਹਰਿਆਣਾ ਅਤੇ ਦਿੱਲੀ ਵਿੱਚ 18 ਤੋਂ 20 ਮਈ ਦੌਰਾਨ ਤੇਜ਼ ਗਰਮੀ ਪੈਣ ਦੀ ਸੰਭਾਵਨਾ ਹੈ। ਰਾਸ਼ਟਰੀ ਰਾਜਧਾਨੀ ਸਮੇਤ ਕਈ ਰਾਜਾਂ ’ਚ ਸ਼ਨੀਵਾਰ ਤੱਕ ਤਾਪਮਾਨ 45 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਹੈ। ਵਿਭਾਗ ਦਾ ਕਹਿਣਾ ਹੈ ਕਿ ਇਸ ਸਮੇਂ ਉੱਤਰ ਭਾਰਤ ਵਿੱਚ ਖੁਸ਼ਕ ਪੱਛਮੀ ਅਤੇ ਉੱਤਰ-ਪੱਛਮੀ ਹਵਾਵਾਂ ਸਰਗਰਮ ਹਨ। ਇਸ ਕਾਰਨ ਇੱਥੇ ਤਾਪਮਾਨ ਵਧ ਗਿਆ ਹੈ। ਮੌਸਮ ਵਿਭਾਗ ਨੇ ਉੱਤਰ ਪ੍ਰਦੇਸ਼, ਪੂਰਬੀ ਰਾਜਸਥਾਨ, ਮੱਧ ਪ੍ਰਦੇਸ਼, ਬਿਹਾਰ, ਗੁਜਰਾਤ, ਝਾਰਖੰਡ, ਪੱਛਮੀ ਬੰਗਾਲ ਅਤੇ ਉੜੀਸਾ ਲਈ ’ਯੈਲੋ ਅਲਰਟ’ ਜਾਰੀ ਕੀਤਾ ਹੈ। ਇਸ ਤੋਂ ਪਹਿਲਾਂ ਮਈ ਵਿੱਚ ਵਿਭਾਗ ਨੇ ਭਵਿੱਖਬਾਣੀ ਕੀਤੀ ਸੀ ਕਿ ਉੱਤਰੀ ਭਾਰਤ ਅਤੇ ਮੱਧ ਭਾਰਤ ਦੇ ਮੈਦਾਨੀ ਇਲਾਕਿਆਂ ਵਿੱਚ ਗਰਮੀ ਦੇ ਦਿਨਾਂ ਦੀ ਗਿਣਤੀ ਆਮ ਨਾਲੋਂ ਵੱਧ ਹੋਵੇਗੀ। ਗਰਮੀ ਦੀਆਂ ਲਹਿਰਾਂ ਆਮ ਤੌਰ ’ਤੇ ਉੱਤਰੀ ਮੈਦਾਨੀ, ਮੱਧ ਭਾਰਤ ਅਤੇ ਪ੍ਰਾਇਦੀਪ ਦੇ ਭਾਰਤ ਦੇ ਨਾਲ ਲੱਗਦੇ ਖੇਤਰਾਂ ਵਿੱਚ ਮਈ ਵਿੱਚ ਲਗਭਗ ਤਿੰਨ ਦਿਨਾਂ ਤੱਕ ਰਹਿੰਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਸੰਤ ਸਿੰਘ ਜੀ ਜਿਨ੍ਹਾਂ ਨੇ ਮਹਾਰਾਜਾ ਰਣਜੀਤ ਸਿੰਘ ਨੂੰ ਪ੍ਰੇਰ ਕੇ

# ਸ੍ਰੀ ਹਰਿਮੰਦਰ ਸਾਹਿਬ 'ਤੇ ਸੋਨਾ ਲਗਵਾਉਣ ਦੀ ਸੇਵਾ ਕਰਵਾਈ

ਸੰਤ ਗਿਆਨੀ ਗੁਰਦਾਸ ਸਿੰਘ ਜੀ ਤੋਂ ਬਾਅਦ ਉਹਨਾਂ ਦੇ ਛੋਟੇ ਭਰਾ ਗਿਆਨੀ ਸੰਤ ਸਿੰਘ ਜੀ (ਛੋਟੇ ਸਪੁੱਤਰ ਗਿਆਨੀ ਸੂਰਤ ਸਿੰਘ ਜੀ) ਨੂੰ ਦਮਦਮੀ ਟਕਸਾਲ ਦੇ ਮੁਖੀ ਜਥੇਦਾਰ ਹੋਣ ਦਾ ਮਾਣ ਪ੍ਰਾਪਤ ਹੈ। ਗਿਆਨੀ ਸੰਤ ਸਿੰਘ ਜੀ ਦੇ ਤਿੰਨ ਸਪੁੱਤਰ ਭਾਈ ਦੇਵਾ ਸਿੰਘ, ਭਾਈ ਗੁਰਮੁਖ ਸਿੰਘ ਅਤੇ ਭਾਈ ਜੋਧ ਸਿੰਘ ਸਨ। ਗਿਆਨੀ ਸੰਤ ਸਿੰਘ ਜੀ ਨੇ ਆਪਣੇ ਪਿਤਾ ਗਿਆਨੀ ਸੂਰਤ ਸਿੰਘ ਜੀ ਅਤੇ ਵੱਡੇ ਭਰਾ ਗਿਆਨੀ ਗੁਰਦਾਸ ਸਿੰਘ ਜੀ ਪਾਸੋਂ ਧਾਰਮਿਕ ਵਿੱਦਿਆ ਗ੍ਰਹਿਣ ਕੀਤੀ। ਆਪ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਅਤੇ ਅਰਥ ਬੜੇ ਡੂੰਘਾਈ ਨਾਲ਼ ਪੜ੍ਹੇ। ਪੰਡਿਤ ਨਿਹਾਲ ਸਿੰਘ ਜੀ ਪਾਸੋਂ ਆਪ ਨੇ ਸੰਸਕ੍ਰਿਤ ਦੇ ਅਨੇਕਾਂ ਗ੍ਰੰਥ ਪੜ੍ਹੇ ਤੇ ਆਪ ਜੀ ਬ੍ਰਿਜ ਭਾਸ਼ਾ ਦੇ ਵੀ ਗਿਆਤਾ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਪੰਥ ਦੇ ਮਹਾਨ ਵਿਦਵਾਨ ਭਾਈ ਕਾਹਨ ਸਿੰਘ ਜੀ ਨਾਭਾ ਆਪ ਜੀ ਬਾਰੇ ਲਿਖਦੇ ਹਨ ਕਿ "ਖ਼ਾਲਸੇ ਦੀ ਪ੍ਰੇਰਨਾ ਸਦਕਾ ਗਿਆਨੀ ਸੰਤ ਸਿੰਘ ਜੀ 1847 ਬਿਕਰਮੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਏ ਹੁਕਮਨਾਮਾ ਸਾਹਿਬ ਦੀ ਕਥਾ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰ ਹੀ ਕਰਿਆ ਕਰਦੇ ਸਨ। ਜਦ ਆਪ ਵਿਦਿਆਰਥੀਆਂ ਤੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਅਤੇ ਅਰਥ ਪੜ੍ਹਾਉਂਦੇ ਸਨ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਜ ਸਰੂਪ ਪ੍ਰਕਾਸ਼ ਕਰਿਆ ਕਰਦੇ ਸਨ।

ਗਿਆਨੀ ਸੰਤ ਸਿੰਘ ਜੀ ਨੂੰ ਮਹਾਂ ਕਵੀ ਭਾਈ ਸੰਤੋਖ ਸਿੰਘ ਜੀ, ਕਵੀ ਮੇਘ ਸਿੰਘ ਜੀ ਅਤੇ ਕੰਵਰ ਨੌਨਿਹਾਲ ਸਿੰਘ ਸ਼ਿਹਜ਼ਾਦੇ ਦੇ ਵਿੱਦਿਆ ਉਸਤਾਦ ਹੋਣ ਦਾ ਵੀ ਮਾਣ ਪ੍ਰਾਪਤ ਹੈ। ਗੁਰਪ੍ਰਤਾਪ ਸੂਰਜ ਗ੍ਰੰਥ ਦੇ ਕਰਤਾ ਭਾਈ ਸੰਤੋਖ ਸਿੰਘ ਜੀ ਆਪ ਜੀ ਦੇ ਬਾਰੇ ਗੁਰੂ ਨਾਨਕ ਪ੍ਰਕਾਸ਼ ਵਿੱਚ ਲਿਖਦੇ ਹਨ:-

"ਸ੍ਰੀ ਮਤਿ ਸਿਮਰਨ ਰਤਿ ਗੁਰੂ, ਸੰਤ ਸਿੰਘ ਸੁਭ ਨਾਮ।
ਵਿਦਿਆ ਜਿਨ ਤੇ ਮੈਂ ਪੜ੍ਹੀ, ਤਿਨ ਪਦ ਕਰੋਂ ਪ੍ਰਣਾਮ।"

ਬਾਬਾ ਸ਼ਾਮ ਸਿੰਘ ਜੀ (ਜਿਨ੍ਹਾਂ ਨੇ 70 ਸਾਲ ਸਿਰੰਦੇ ਨਾਲ਼ ਸ੍ਰੀ ਹਰਿਮੰਦਰ ਸਾਹਿਬ ਵਿੱਚ ਕੀਰਤਨ ਦੀ ਸੇਵਾ ਕੀਤੀ) ਆਪ ਜੀ ਬਾਰੇ ਲਿਖਦੇ ਹਨ ਕਿ "ਗਿਆਨੀ ਸੰਤ ਸਿੰਘ ਜੀ ਜਦ ਕਥਾ ਕਰਦੇ ਸਨ ਤਾਂ ਉਹ ਬਹੁਤ ਸ਼ੋਭਦੇ ਸਨ, ਸਿਰ ਉੱਪਰ ਸੁੰਦਰ ਦਸਤਾਰ, ਸੁੰਦਰ ਮੁੱਖ, ਜਤ ਸਤ ਵਿੱਚ ਪ੍ਰਪੱਕ, ਗੋਲ ਦਾਹੜਾ ਤੇ ਗ਼ਲ ਵਿੱਚ ਚੋਲ਼ਾ ਸ਼ੋਭਦਾ ਸੀ।

ਆਪ ਜੀ ਜਿੱਥੇ ਟਕਸਾਲ ਦੇ ਮੁਖੀ ਸਨ ਓਥੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਵੀ ਸਨ। ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਅਕਾਲੀ ਫੂਲਾ ਸਿੰਘ ਜੀ ਸਨ। ਗਿਆਨੀ ਸੰਤ ਸਿੰਘ ਜੀ ਅਕਸਰ ਹੀ ਸੇਵਾ-ਸਿਮਰਨ 'ਚ ਲੀਨ ਰਹਿੰਦੇ, ਦੁਖੀਆਂ ਦਾ ਦਰਦ ਸੁਣਦੇ ਤੇ ਸਭ ਦੀ ਸਹਾਇਤਾ ਕਰਦੇ। ਉਹ ਇਕਾਂਤ ਹੋ ਕੇ ਸ੍ਰੀ ਦਰਬਾਰ ਸਾਹਿਬ ਜੀ ਦੀ ਪ੍ਰਕਰਮਾ ਕਰਦੇ, ਕਬੂਤਰਾਂ ਦੀਆਂ ਵਿੱਠਾਂ ਆਪਣੇ ਹੱਥੀਂ ਚੁੱਕਦੇ, ਡਿੱਗੇ ਕੇਸ ਇਕੱਠੇ ਕਰਕੇ ਸਸਕਾਰ ਕਰਦੇ। ਆਪਣੇ ਹੱਥੀਂ ਸ਼ਰਧਾ-ਭਾਵਨਾ ਨਾਲ਼ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਦਰਬਾਰ ਦੀ ਸੇਵਾ ਕਰਦੇ।

'ਅੰਮ੍ਰਿਤਸਰ ਸਿਫਤੀ ਦਾ ਘਰ' ਕਿਤਾਬ ਵਿੱਚ ਗਿਆਨੀ ਜੰਗ ਸਿੰਘ ਜੀ ਲਿਖਦੇ ਹਨ ਕਿ "ਇੱਕ ਵਾਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੋ ਝੰਗ ਦੀ ਲੜਾਈ ਵਿੱਚ ਜ਼ਖ਼ਮੀ ਹੋ ਕੇ ਖਾਈ ਵਿੱਚ ਡਿੱਗ ਪਏ ਤੇ ਮਹਾਰਾਜੇ ਨੂੰ ਖਾਈ ਵਿੱਚੋਂ ਪਿੱਠ 'ਤੇ ਚੁੱਕ ਕੇ ਗਿਆਨੀ ਜੀ ਕਿਲ੍ਹੇ ਵਿੱਚ ਲੈ ਆਏ। ਇਸ ਅਹਿਸਾਨ ਨੂੰ ਮਹਾਰਾਜਾ ਰਣਜੀਤ ਸਿੰਘ ਨੇ ਸਾਰੀ ਉਮਰ ਯਾਦ ਰੱਖਿਆ।"



ਦਮਦਮੀ ਟਕਸਾਲ ਦੇ ਮੁਖੀ ਗਿਆਨੀ ਸੰਤ ਸਿੰਘ ਜੀ ਨੇ ਹੀ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਪ੍ਰੇਰ ਕੇ ਸ੍ਰੀ ਹਰਿਮੰਦਰ ਸਾਹਿਬ 'ਤੇ ਸੋਨਾ ਲਗਵਾਉਣ ਦੀ ਸੇਵਾ ਆਪਣੀ ਨਿਗਰਾਨੀ ਹੇਠ ਕਰਵਾਈ, ਜਿਸ ਦੀ ਬਾਬਤ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਪੂਰਬ-ਉੱਤਰ ਵਾਲ਼ੇ ਦਰਵਾਜ਼ੇ ਦੇ ਉੱਪਰ ਸੰਗਮਰਮਰ ਵਿੱਚ ਇਹ ਅੱਖਰ ਉਕਰੇ ਹਨ:-

"ੴ ਸਤਿਨਾਮੁ ਕਰਤਾ ਪੁਰਖ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ॥
ਸ੍ਰੀ ਸਤਿਗੁਰੂ ਜੀ ਖ਼ਾਲਸੇ ਦਾ ਸਦਾ ਬੋਲ ਬਾਲਾ ਰੱਖੇ, ਸੇਵਾ ਗੁਰੂ ਰਾਮਦਾਸ ਜੀ ਕੀ ਸਰਣ ਕੀ ਅਰ ਸੰਗ ਸਫੈਦ ਸਭਾਵ ਸੰਗਮਰਮਰ ਕੀ ਵਡਭਾਗੀ ਜਾਣ ਕੇ ਮਹਾਰਾਜਾ ਰਣਜੀਤ ਸਿੰਘ ਜੀ ਪਾਸੋਂ ਕਰਵਾਈ। ਮਾਰਫ਼ਤ ਸ੍ਰੀ ਭਾਈ ਸੰਤ ਸਿੰਘ ਗਿਆਨੀ ਜੀ ਕੀ।"

ਆਪ ਨੇ ਭਾਈ ਦੇਸਾ ਸਿੰਘ ਨੂੰ ਪ੍ਰੇਰ ਕੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਦੇ ਦੋਹਾਂ ਨਿਸ਼ਾਨ ਸਾਹਿਬਾਂ ਉੱਪਰ ਸੋਨਾ ਵੀ ਚੜ੍ਹਵਾਇਆ।

ਮਹਾਰਾਜਾ ਰਣਜੀਤ ਸਿੰਘ ਨੇ ਗਿਆਨੀ ਸੰਤ ਸਿੰਘ ਜੀ ਦੀ ਰਿਹਾਇਸ਼ ਲਈ ਸ੍ਰੀ ਦਰਬਾਰ ਸਾਹਿਬ ਜੀ ਦੇ ਬਿਲਕੁਲ ਨੇੜੇ 'ਬੁੰਗਾ ਗਿਆਨੀਆਂ' ਬਣਾ ਕੇ ਦਿੱਤਾ ਸੀ। ਜੋ ਕਿ ਗਲਿਆਰਾ ਸਕੀਮ ਦੇ ਅਧੀਨ ਭਾਰਤ ਸਰਕਾਰ ਵੱਲੋਂ ਸੰਨ 1993 ਵਿੱਚ ਢਾਹ ਦਿੱਤਾ ਗਿਆ, ਪਰ ਸੰਨ 2021 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਾਰ ਸੇਵਾ ਭੂਰੀ ਵਾਲ਼ਿਆਂ ਵੱਲੋਂ ਜੋੜਾ ਘਰ ਤੇ ਸਕੂਟਰ ਸਟੈਂਡ ਲਈ ਬਣਾਉਣ ਲਈ ਕੀਤੀ ਖ਼ੁਦਾਈ ਸਮੇਂ 'ਬੁੰਗਾ ਗਿਆਨੀਆਂ' ਦੇ ਹੇਠਲੇ ਕਮਰੇ ਨਿਕਲ ਆਏ ਜੋ ਪੁਰਾਤਨ ਨਾਨਕਸ਼ਾਹੀ ਇੱਟ ਨਾਲ਼ ਬੜੇ ਸੁੰਦਰ ਬਣੇ ਹੋਏ ਹਨ, ਜਿਸ ਨੂੰ ਖ਼ਤਮ ਕਰਨ ਲਈ ਸ਼੍ਰੋਮਣੀ ਕਮੇਟੀ ਤੇ ਕਾਰ ਸੇਵਾ ਭੂਰੀ ਵਾਲ਼ਿਆਂ ਨੇ ਪੂਰਾ ਜ਼ੋਰ ਲਾਇਆ ਤੇ ਬਦਮਾਸ਼ੀ ਕੀਤੀ ਪਰ ਪੰਥਕ ਸੋਚ ਦੇ ਧਾਰਨੀ ਗੁਰਸਿੱਖਾਂ ਵੱਲੋਂ ਉਠਾਈ ਅਵਾਜ਼ ਅਤੇ ਕੀਤੇ ਸੰਘਰਸ਼ ਸਦਕਾ ਇਹ ਇਮਾਰਤ ਹੁਣ ਸਕੂਟਰ ਸਟੈਂਡ 'ਚ ਬਚੀ ਪਈ ਹੈ ਜਿਸ ਨੂੰ ਸੰਭਾਲਣ ਦੀ ਲੋੜ ਹੈ।

ਗਿਆਨੀ ਸੰਤ ਸਿੰਘ ਜੀ ਨਿਯਮ, ਭਾਣਾ ਅਤੇ ਮਰਯਾਦਾ 'ਚ ਐਨੇ ਪੱਕੇ ਸਨ ਕਿ ਜਦ ਪੋਤਰਾ ਚੜ੍ਹਾਈ ਕਰ ਗਿਆ ਤਾਂ ਸਸਕਾਰ ਕਰਕੇ ਤੁਰੰਤ ਕਥਾ ਕਰਨ ਲਈ ਸ੍ਰੀ ਦਰਬਾਰ ਸਾਹਿਬ ਪਹੁੰਚ ਗਏ। ਇੱਕ ਦਿਨ ਮਹਾਰਾਜਾ ਰਣਜੀਤ ਸਿੰਘ ਨੇ ਆਪ ਦੀ ਪ੍ਰੀਖਿਆ ਲੈਣੀ ਚਾਹੀ, ਦੋ ਸੇਵਾਦਾਰ ਭੇਜੇ ਕਿ ਗਿਆਨੀ ਜੀ ਨੂੰ ਰਾਮ ਬਾਗ ਬੁਲਾ ਕੇ ਲਿਆਓ। ਗਿਆਨੀ ਜੀ ਦੀ ਕਥਾ ਦਾ ਸਮਾਂ ਸੀ, ਉਹਨਾਂ ਨੇ ਸੇਵਾਦਾਰਾਂ ਨੂੰ ਓਥੇ ਬਿਠਾ ਲਿਆ। ਐਨੇ ਚਿਰ ਨੂੰ ਮਹਾਰਾਜੇ ਨੇ ਦੋ ਸੇਵਾਦਾਰ ਹੋਰ ਭੇਜ ਦਿੱਤੇ। ਗਿਆਨੀ ਜੀ ਉਹਨਾਂ ਚਾਰਾਂ ਨੂੰ ਆਪਣੇ ਨਾਲ਼ ਲੈ ਕੇ ਸ੍ਰੀ ਦਰਬਾਰ ਸਾਹਿਬ ਕਥਾ ਕਰਨ ਚਲੇ ਗਏ ਤੇ ਫਿਰ ਆਪਣੇ ਬੁੰਗੇ 'ਚ ਆ ਨਿਵਾਜੇ। ਫਿਰ ਮਹਾਰਾਜਾ ਰਣਜੀਤ ਸਿੰਘ ਖ਼ੁਦ ਚੱਲ ਕੇ ਆਏ ਤੇ ਆਪ ਜੀ ਦਾ ਗੁਰੂ-ਘਰ ਪ੍ਰਤੀ ਪਿਆਰ-ਸਤਿਕਾਰ ਤੇ ਕਥਾ ਦਾ ਨਿਯਮ ਵੇਖ ਬਹੁਤ ਪ੍ਰਸੰਨ ਹੋਏ। ਮਹਾਰਾਜੇ ਦੇ ਸੱਦਣ 'ਤੇ ਵੀ ਗਿਆਨੀ ਜੀ ਨੇ ਕਥਾ ਦਾ ਨਿਯਮ ਨਾ ਤਿਆਗਿਆ, ਗਿਆਨੀ ਜੀ ਸ੍ਰੀ ਗੁਰੂ ਰਾਮਦਾਸ ਜੀ ਦੇ ਘਰ ਦੀ ਵਡਿਆਈ ਜਾਣਦੇ ਸਨ।

**"ਰਾਜਨ ਕੇ ਰਾਜਾ ਮਹਾਰਾਜਨ ਕੇ ਮਹਾਰਾਜਾ ਐਸੋ ਰਾਜ ਛੋਡਿ ਅਉਰ ਦੂਜਾ ਕਉਨ ਧਿਆਈਐ॥"**

ਗਿਆਨੀ ਸੰਤ ਸਿੰਘ ਜੀ ਹਾੜ ਸੁਦੀ 8 ਬਿਕਰਮੀ ਸੰਮਤ 1889 ਨੂੰ ਸੱਚਖੰਡ ਪਿਆਨਾ ਕਰ ਗਏ। ਗਿਆਨੀ ਸੰਤ ਸਿੰਘ ਜੀ ਤੋਂ ਬਾਅਦ ਉਹਨਾਂ ਦੇ ਸਪੁੱਤਰ ਭਾਈ ਗੁਰਮੁਖ ਸਿੰਘ ਜੀ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥ ਵਜੋਂ ਸੇਵਾ ਸੰਭਾਲੀ, ਜਿਨ੍ਹਾਂ ਨੇ ਪ੍ਰਕਰਮਾ ਵਿੱਚ ਸੰਗਮਰਮਰ ਕਗਵਾਉਣ ਦੀ ਸੇਵਾ ਆਪਣੀ ਨਿਗਰਾਨੀ ਹੇਠ ਕਰਵਾਈ। ਜਿਸ ਦੀ ਬਾਬਤ ਸੱਚਖੰਡ ਦੇ ਮੁੱਖ ਦਰਵਾਜ਼ੇ ਦੀ ਚੌਗਾਠ ਦੀ ਹੇਠਲੀ ਬਾਹੀ (ਜਿੱਥੇ ਸੰਗਤ ਮੱਥਾ ਟੇਕਦੀ ਹੈ) 'ਤੇ ਲਿਖਿਆ ਹੈ ਕਿ "ਦਰਬਾਰ ਸਾਹਿਬ ਦੀ ਪਰਕਰਮਾ ਦੀ ਸੇਵਾ ਸਫੈਦ ਸੰਗ ਕੀ ਕਰਾਈ ਸਰਦਾਰ ਲਹਿਣਾ ਸਿੰਘ ਮਜੀਠੀਯਾ ਰਾਹੀਂ ਭਾਈ ਗੁਰਮੁਖ ਸਿੰਘ ਜੀ ਗਿਆਨੀ ਕੀ।"



**- ਰਣਜੀਤ ਸਿੰਘ ਦਮਦਮੀ ਟਕਸਾਲ,**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
ਮੋ : 88722-93883

## ਲੁਧਿਆਣਾ ਵਿੱਚ ਸਭ ਤੋਂ ਵੱਧ 43 ਉਮੀਦਵਾਰ ਚੋਣ ਮੈਦਾਨ ਵਿੱਚ

# ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਲਈ 328 ਉਮੀਦਵਾਰ ਲੜਨਗੇ ਚੋਣ - 26 ਮਹਿਲਾ ਕਿਸਮਤ ਅਜ਼ਮਾਉਣਗੀਆਂ

### ਸਿਆਸੀ ਪਾਰਟੀਆਂ ਤੇ ਉਮੀਦਵਾਰਾਂ ਨੂੰ ਸ਼ਾਂਤੀਪੂਰਨ ਤੇ ਨਿਰਪੱਖ ਚੋਣਾਂ ਲਈ ਚੋਣ ਜ਼ਾਬਤੇ ਦੀ ਪਾਲਣਾ ਕਰਨ - ਮੁੱਖ ਚੋਣ ਅਧਿਕਾਰੀ

**ਚੰਡੀਗੜ੍ਹ • ਆਵਾਜ਼ਿ ਕੌਮ ਬਿਊਰੋ**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਹੈ ਕਿ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਲਈ ਕੁੱਲ 328 ਉਮੀਦਵਾਰ ਚੋਣ ਲੜਨਗੇ ਜਦਕਿ ਲੋਕ ਸਭਾ ਚੋਣਾਂ-2014 ਵਿੱਚ 253 ਅਤੇ 2019 ਵਿੱਚ ਕੁੱਲ 278 ਉਮੀਦਵਾਰਾਂ ਨੇ ਚੋਣ ਲੜੀ ਸੀ।

ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖ਼ਰੀ ਮਿਤੀ ਤੱਕ ਕੁੱਲ 25 ਉਮੀਦਵਾਰਾਂ ਨੇ ਆਪਣੇ ਨਾਮ ਵਾਪਸ ਲਏ ਹਨ। ਇਸ ਤੋਂ ਪਹਿਲਾਂ ਸੂਬੇ ਵਿੱਚ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ ਅਤੇ ਕਾਗਜ਼ਾਂ ਦੀ ਪੜਤਾਲ ਤੇ ਪੱਤਰ ਵਾਪਸੀ ਤੋਂ ਬਾਅਦ ਕੁੱਲ ਉਮੀਦਵਾਰਾਂ ਦੀ ਸੰਖਿਆ 328 ਰਹਿ ਗਈ ਹੈ, ਜਿਨ੍ਹਾਂ ਵਿੱਚ 302 ਮਰਦ ਅਤੇ 26 ਮਹਿਲਾ ਉਮੀਦਵਾਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਲੋਕ ਸਭਾ ਸੀਟ ਉੱਤੇ ਸਭ ਤੋਂ ਵੱਧ 43 ਉਮੀਦਵਾਰ ਚੋਣ ਮੈਦਾਨ ਵਿੱਚ ਹਨ।





ਹੁਣ ਜਦੋਂ ਇਹ ਸਾਫ ਹੋ ਗਿਆ ਹੈ ਕਿ ਕਿਹੜੇ ਉਮੀਦਵਾਰ ਚੋਣ ਮੈਦਾਨ ਵਿੱਚ ਹਨ ਤਾਂ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸਾਰੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਸ਼ਾਂਤੀਪੂਰਨ ਅਤੇ ਨਿਰਪੱਖ ਚੋਣਾਂ ਲਈ ਭਾਰਤੀ ਚੋਣ ਕਮਿਸ਼ਨ ਦੇ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਉਮੀਦਵਾਰਾਂ ਨੂੰ ਦੂਜਿਆਂ ਦੀ ਆਲੋਚਨਾ ਕਰਦੇ ਸਮੇਂ ਬੇਬੁਨਿਆਦ ਦੋਸ਼ ਲਗਾਉਣ ਅਤੇ ਵਿਵਾਦਤ ਬਿਆਨ ਦੇਣ ਤੋਂ ਬਚਣ ਲਈ ਕਿਹਾ ਹੈ।

ਉਨ੍ਹਾਂ ਦੱਸਿਆ ਕਿ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਬਿਨਾਂ ਅਗਾਊਂ ਲਿਖਤੀ ਇਜਾਜ਼ਤ ਦੇ ਲਾਊਡ ਸਪੀਕਰਾਂ ਦੀ ਵਰਤੋਂ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਸਥਾਨਕ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਕਿਹਾ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਚੋਣ ਪ੍ਰਚਾਰ ਵਿੱਚ ਲੱਗੇ ਸਾਰੇ ਰਾਜਨੀਤਿਕ ਵਰਕਰਾਂ ਨੂੰ ਬੈਜ ਜਾਂ ਸ਼ਨਾਖਤੀ ਕਾਰਡ ਦਿਖਾਉਣ ਅਤੇ ਚੋਣ ਪ੍ਰਚਾਰ ਦੌਰਾਨ ਤੇ ਚੋਣਾਂ ਵਾਲੇ ਦਿਨ ਵਾਹਨਾਂ ਸਬੰਧੀ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ ਲਈ ਕਿਹਾ ਹੈ।

ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਵੋਟਰਾਂ ਨੂੰ ਜਾਰੀ ਕੀਤੀਆਂ ਗੈਰ-ਅਧਿਕਾਰਤ ਪਛਾਣ ਪਰਚੀਆਂ ਸਾਦੇ (ਚਿੱਟੇ) ਕਾਗਜ਼ 'ਤੇ ਹੋਣੀਆਂ ਚਾਹੀਦੀਆਂ ਹਨ ਅਤੇ ਇਸ ਵਿੱਚ ਪਾਰਟੀ ਦਾ ਕੋਈ ਚਿੰਨ੍ਹ ਅਤੇ ਨਾਮ ਜਾਂ ਉਮੀਦਵਾਰ ਦਾ ਨਾਮ ਨਹੀਂ ਹੋਣਾ ਚਾਹੀਦਾ ਹੈ। ਉਨ੍ਹਾਂ ਹਲਕੇ ਤੋਂ ਬਾਹਰਲੇ ਵੋਟਰਾਂ ਅਤੇ ਉਮੀਦਵਾਰਾਂ ਨੂੰ ਚੋਣ ਪ੍ਰਚਾਰ ਦੀ ਸਮਾਪਤੀ ਵਾਲੇ ਦਿਨ ਤੋਂ ਬਾਅਦ ਹਲਕਾ ਛੱਡਣ ਦੀ ਅਪੀਲ ਕੀਤੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਰਿਸ਼ਵਤਖੋਰੀ ਅਤੇ ਵੋਟਰਾਂ ਉੱਤੇ ਕਿਸੇ ਵੀ ਤਰੀਕੇ ਦਾ ਪ੍ਰਭਾਵ ਅਤੇ ਹੋਰ ਚੋਣ ਅਪਰਾਧ, ਜਿਵੇਂ ਕਿ ਪੋਲਿੰਗ ਸਟੇਸ਼ਨਾਂ ਦੇ 100 ਮੀਟਰ ਦੇ ਅੰਦਰ ਪ੍ਰਚਾਰ ਕਰਨ ਦੀ ਸਖ਼ਤ ਮਨਾਹੀ ਹੈ।

ਉਨ੍ਹਾਂ ਚੋਣਾਂ ਦੀ ਪਾਰਦਰਸ਼ਤਾ ਬਰਕਰਾਰ ਰੱਖਣ ਲਈ ਸਿਆਸੀ ਪਾਰਟੀਆਂ ਨੂੰ ਨਕਦ ਲੈਣ-ਦੇਣ ਅਤੇ ਵੱਡੀ ਮਾਤਰਾ ਵਿੱਚ ਨਕਦੀ ਲਿਜਾਣ ਤੋਂ ਗੁਰੇਜ਼ ਕਰਨ ਲਈ ਵੀ ਕਿਹਾ। ਉਨ੍ਹਾਂ ਦੱਸਿਆ ਕਿ ਦੂਜੀਆਂ ਪਾਰਟੀਆਂ ਦੀਆਂ ਮੀਟਿੰਗਾਂ ਅਤੇ ਜਲੂਸਾਂ ਵਿੱਚ ਗੜਬੜੀ ਕਰਨ ਦੀ ਮਨਾਹੀ ਹੈ ਅਤੇ ਪੋਲਿੰਗ ਬੂਥਾਂ ਦੇ ਨੇੜੇ ਪ੍ਰਚਾਰ ਸਮੱਗਰੀ ਪ੍ਰਦਰਸ਼ਿਤ ਨਹੀਂ ਹੋਣੀ ਚਾਹੀਦੀ।

ਸਿਬਿਨ ਸੀ ਨੇ ਕਿਹਾ ਕਿ ਨਿੱਜੀ ਰਿਹਾਇਸ਼ਾਂ ਦੇ ਬਾਹਰ ਪ੍ਰਦਰਸ਼ਨ ਜਾਂ ਧਰਨਾ ਲਗਾਉਣਾ ਵੀ ਮਨ੍ਹਾ ਹੈ ਅਤੇ ਸਿਆਸੀ ਮੀਟਿੰਗਾਂ ਵਿਚ ਕਿਸੇ ਵੀ ਵਿਘਨ ਵਿਰੁੱਧ ਪੁਲਿਸ ਦੀ ਮਦਦ ਲੈਣੀ ਚਾਹੀਦੀ ਹੈ। ਲੋਕ ਨੁਮਾਇੰਦਗੀ ਐਕਟ, 1951 ਦੀ ਧਾਰਾ 127 ਦੇ ਅਨੁਸਾਰ, ਕੋਈ ਵੀ ਵਿਅਕਤੀ ਜੋ ਜਨਤਕ ਮੀਟਿੰਗਾਂ ਵਿੱਚ ਮਾਹੌਲ ਨੂੰ ਵਿਗਾੜਦਾ ਹੈ, ਉਹ ਛੇ ਮਹੀਨੇ ਦੀ ਕੈਦ, ਦੋ ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਜਾਂ ਦੋਵੇਂ ਸਜ਼ਾਵਾਂ ਦੇ ਯੋਗ ਹੋ ਸਕਦਾ ਹੈ।

**ਕਿਸ ਲੋਕ ਸਭਾ ਹਲਕੇ ਤੋਂ ਕਿੰਨੇ ਉਮੀਦਵਾਰ-ਜਾਣਕਾਰੀ** ਦਿੰਦਿਆ ਸਿਬਿਨ ਸੀ ਨੇ ਦੱਸਿਆ ਕਿ ਗੁਰਦਾਸਪੁਰ ਤੋਂ 26 ਉਮੀਦਵਾਰ ਚੋਣ ਲੜ ਰਹੇ ਹਨ, ਜਿਨ੍ਹਾਂ ਵਿੱਚ 23 ਮਰਦ ਅਤੇ 3 ਮਹਿਲਾਵਾਂ ਸ਼ਾਮਲ ਹਨ, ਜਦਕਿ ਅੰਮ੍ਰਿਤਸਰ ਤੋਂ 30 ਉਮੀਦਵਾਰ ਚੋਣ ਲੜ ਰਹੇ ਹਨ, ਜਿਨ੍ਹਾਂ ਵਿੱਚ 26 ਮਰਦ ਅਤੇ 4 ਮਹਿਲਾਵਾਂ ਸ਼ਾਮਲ ਹਨ। ਖਡੂਰ ਸਾਹਿਬ ਤੋਂ 27 ਉਮੀਦਵਾਰ ਚੋਣ ਮੈਦਾਨ ਵਿੱਚ ਹਨ ਜਿਨ੍ਹਾਂ ਵਿੱਚ ਸਾਰੇ ਉਮੀਦਵਾਰ ਮਰਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਲੰਧਰ ਤੋਂ 20 ਉਮੀਦਵਾਰ ਚੋਣ ਲੜ ਰਹੇ ਹਨ, ਜਿਨ੍ਹਾਂ ਵਿੱਚ 17 ਮਰਦ ਅਤੇ 3 ਮਹਿਲਾ ਉਮੀਦਵਾਰ ਸ਼ਾਮਲ ਹਨ। ਹੁਸ਼ਿਆਰਪੁਰ ਤੋਂ ਕੁੱਲ 16 ਉਮੀਦਵਾਰਾਂ ਵਿੱਚੋਂ 14 ਮਰਦ ਅਤੇ 2 ਮਹਿਲਾ ਉਮੀਦਵਾਰ ਚੋਣਾਂ ਲੜ ਰਹੀਆਂ ਹਨ। ਆਨੰਦਪੁਰ ਸਾਹਿਬ ਤੋਂ ਕੁੱਲ 28 ਉਮੀਦਵਾਰਾਂ ਵਿੱਚੋਂ 26 ਮਰਦ ਅਤੇ 2 ਮਹਿਲਾ ਉਮੀਦਵਾਰ ਚੋਣ ਮੈਦਾਨ ਵਿੱਚ ਹਨ।

ਲੁਧਿਆਣਾ ਤੋਂ 43 ਉਮੀਦਵਾਰਾਂ ਵਿੱਚੋਂ 41 ਮਰਦ ਅਤੇ 2 ਮਹਿਲਾ ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਫਤਿਹਗੜ੍ਹ ਸਾਹਿਬ ਤੋਂ ਕੁੱਲ 14 ਉਮੀਦਵਾਰਾਂ ਵਿੱਚੋਂ 13 ਮਰਦ ਅਤੇ 1 ਮਹਿਲਾ ਉਮੀਦਵਾਰ ਚੋਣ ਲੜ ਰਹੇ ਹਨ। ਫਰੀਦਕੋਟ ਤੋਂ ਕੁੱਲ 28 ਉਮੀਦਵਾਰਾਂ ਵਿੱਚੋਂ 26 ਮਰਦ ਅਤੇ 2 ਮਹਿਲਾ ਉਮੀਦਵਾਰ ਚੋਣ ਮੈਦਾਨ ਵਿੱਚ ਹਨ।

ਫਿਰੋਜ਼ਪੁਰ ਤੋਂ ਕੁੱਲ 29 ਉਮੀਦਵਾਰ ਚੋਣ ਲੜ ਰਹੇ ਹਨ, ਜੋ ਕਿ ਸਾਰੇ ਮਰਦ ਹਨ। ਬਠਿੰਡਾ ਤੋਂ ਕੁੱਲ 18 ਉਮੀਦਵਾਰਾਂ ਵਿੱਚ 15 ਮਰਦ ਅਤੇ 3 ਮਹਿਲਾ ਉਮੀਦਵਾਰ ਸ਼ਾਮਲ ਹਨ। ਸੰਗਰੂਰ ਤੋਂ 23 ਉਮੀਦਵਾਰਾਂ ਵਿੱਚੋਂ 22 ਮਰਦ ਅਤੇ 1 ਮਹਿਲਾ ਉਮੀਦਵਾਰ ਚੋਣ ਲੜ ਰਹੇ ਹਨ ਜਦਕਿ ਪਟਿਆਲਾ ਤੋਂ 26 ਉਮੀਦਵਾਰਾਂ ਵਿੱਚੋਂ 23 ਮਰਦ ਅਤੇ 3 ਮਹਿਲਾ ਉਮੀਦਵਾਰ ਸ਼ਾਮਲ ਹਨ।

ਜਨਮ ਦਿਨ 'ਤੇ ਵਿਸ਼ੇਸ਼

# ਸੁਲਤਾਨ-ਉਲ-ਕੌਮ ਸ੍ਰ. ਜੱਸਾ ਸਿੰਘ ਆਹਲੂਵਾਲੀਆ



**ਸ੍ਰ. ਜੱਸਾ ਸਿੰਘ ਆਹਲੂਵਾਲੀਆ** ਦਾ ਜਨਮ 3 ਮਈ 1718 ਈ: ਵਿੱਚ ਪਿਤਾ ਸ੍ਰ. ਬਦਰ ਸਿੰਘ ਤੇ ਮਾਤਾ ਜੀਵਨ ਕੌਰ ਜੀ ਦੇ ਘਰ ਪਿੰਡ ਆਹਲੂ ਜ਼ਿਲ੍ਹਾ ਲਾਹੌਰ (ਪਾਕਿਸਤਾਨ) ਵਿੱਚ ਹੋਇਆ।ਆਪ ਪੰਜ ਸਾਲ ਦੀ ਉਮਰ ਵਿੱਚ ਹੀ ਸਨ ਕਿ ਆਪ ਦੇ ਪਿਤਾ ਰੱਬ ਨੂੰ ਪਿਆਰੇ ਹੋ ਗਏ। ਆਪ ਨੂੰ ਆਪ ਜੀ ਦੀ ਮਾਤਾ ਨੇ ਆਪਣੇ ਭਰਾ ਸ੍ਰ. ਭਾਗ ਸਿੰਘ ਦੀ ਸਹਾਇਤਾ ਨਾਲ ਦਿੱਲੀ ਮਾਤਾ ਸੁੰਦਰੀ ਜੀ ਕੋਲ ਭੇਜ ਦਿੱਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਮਾਤਾ ਸੁੰਦਰੀ ਜੀ ਕੋਲ ਆਪ ਰਹਿ ਕੇ ਸੇਵਾ ਸਿਮਰਨ ਕਰਦੇ ਰਹੇ। ਮਾਤਾ ਸੁੰਦਰੀ ਜੀ ਆਪ ਜੀ ਦੀ ਨੇਕ ਨੀਤੀ ਤੋਂ ਬਹੁਤ ਖੁਸ਼ ਹੋਏ ਤੇ ਆਪ ਨੂੰ ਆਪਣੇ ਪੁੱਤਰਾਂ ਵਾਂਗ ਪਿਆਰ ਕਰਦੇ ਸਨ। ਆਪ ਕਾਫੀ ਸਮਾਂ ਦਿੱਲੀ ਮਾਤਾ ਸੁੰਦਰੀ ਜੀ ਕੋਲ ਰਹੇ।ਇਸ ਦੌਰਾਨ ਆਪ ਜੀ ਨੇ ਕਈ ਭਸ਼ਾਵਾਂ ਦਾ ਗਿਆਨ ਪ੍ਰਾਪਤ ਕੀਤਾ।ਸ਼ਸਤਰ ਵਿਦਿਆ ਵੀ ਆਪ ਜੀ ਨੇ ਮਾਤਾ ਸੁੰਦਰੀ ਜੀ ਦੀ ਦੇਖ-ਰੇਖ ਵਿੱਚ ਹੀ ਪ੍ਰਾਪਤ ਕੀਤੀ। ਜਦੋਂ ਆਪ ਮਾਤਾ ਸੁੰਦਰੀ ਜੀ ਕੋਲੋਂ ਵਿਦਾ ਹੋਣ ਲੱਗੇ ਤਾਂ ਮਾਤਾ ਜੀ ਨੇ ਆਪ ਜੀ ਦੇ ਸਿੱਖੀ ਸਿੱਦਕ ਅਤੇ ਉੱਚੇ-ਸੁੱਚੇ ਜੀਵਨ ਨੂੰ ਦੇਖਦਿਆਂ ਆਪ ਜੀ ਨੂੰ ਢਾਲ, ਕਿਰਪਾਨ, ਗੁਰਜ, ਤੀਰ-ਕਮਾਨ ਤੇ ਇੱਕ ਚਾਂਦੀ ਦੀ ਚੋਬ ਦੇ ਕੇ ਨਵਾਜਿਆ।

ਆਪ ਦਿੱਲੀ ਤੋਂ ਸਿੱਧੇ ਪੰਜਾਬ ਦੀ ਧਰਤੀ ਤੇ ਪਹੁੰਚੇ ਤੇ ਪੰਜਾਬ ਆਉਂਦਿਆ ਹੀ ਨਵਾਬ ਕਪੂਰ ਸਿੰਘ ਦੇ ਜਥੇ ਵਿੱਚ ਸ਼ਾਮਿਲ ਹੋ ਗਏ। ਜਲਦੀ ਹੀ ਆਪ ਨੇ ਆਪਣੇ ਨੇਕ ਸੁਭਾਉ ਤੇ ਤੇਜ਼ ਬੁੱਧੀ ਸਦਕਾ ਨਵਾਬ ਕਪੂਰ ਸਿੰਘ ਦੇ ਦਿਲ ਵਿੱਚ ਖਾਸ ਥਾਂ ਬਣਾ ਲਈ। 1748 ਈ: ਨੂੰ ਨਵਾਬ ਕਪੂਰ ਸਿੰਘ ਤੇ ਜੱਸਾ ਸਿੰਘ ਆਹਲੂਵਾਲੀਆ ਨੇ ਮੁਗਲ ਸਲਾਬਤ ਖਾਨ ਨੂੰ ਹਰਾਇਆ ਤੇ ਵਿਸਾਖੀ ਤੇ ਸ੍ਰੀ ਅਕਾਲ ਤਖਤ ਸਾਹਿਬ 65 ਜਥਿਆਂ ਨੂੰ 11 ਮਿਸਲਾਂ (ਬਾਰ੍ਹਵੀਂ ਮਿਸਲ ਫੂਲਕੀਆ ਪਾ ਕੇ) ਵਿੱਚ ਵੰਡਿਆ ਤੇ ਦਲ ਖਾਲਸਾ ਦੀ ਸਥਾਪਨਾ ਕੀਤੀ। ਇਹ ਮਿਸਲਾਂ ਸਨ:-

1. ਮਿਸਲ ਸਿੰਘ ਪੁਰੀਆ ਜਾਂ ਫੈਜ਼ਲਪੁਰੀਆ- ਜਥੇਦਾਰ ਨਵਾਬ ਕਪੂਰ ਸਿੰਘ।
2. ਮਿਸਲ ਆਹਲੂਵਾਲੀਆ- ਸ੍ਰ. ਜੱਸਾ ਸਿੰਘ ਆਹਲੂਵਾਲੀਆ।
3. ਮਿਸਲ ਭੰਗੀਆਂ- ਜਥੇਦਾਰ ਹਰੀ ਸਿੰਘ ਭੰਗੀ।
4. ਮਿਸਲ ਸ਼ੁੱਕਰਚੱਕੀਆ- ਸ੍ਰ. ਚੜ੍ਹਤ ਸਿੰਘ।
5. ਮਿਸਲ ਨਿਸ਼ਾਨਾਂ ਵਾਲੀ- ਸ੍ਰ. ਦੁਸੰਧਾ ਸਿੰਘ।
6. ਮਿਸਲ ਰਾਮਗੜ੍ਹੀਆ- ਸ੍ਰ. ਜੱਸਾ ਸਿੰਘ ਰਾਮਗੜ੍ਹੀਆ।
7. ਮਿਸਲ ਸ਼ਹੀਦਾਂ- ਬਾਬਾ ਦੀਪ ਸਿੰਘ ਜੀ ਸ਼ਹੀਦ।
8. ਮਿਸਲ ਕਨ੍ਹਈਆ- ਸ੍ਰ. ਜੈ ਸਿੰਘ ਕਾਨ੍ਹਾ।
9. ਮਿਸਲ ਡੱਲੇਵਾਲੀਆ- ਸ੍ਰ. ਤਾਰਾ ਸਿੰਘ।
10. ਮਿਸਲ ਨਕਈਆਂ- ਸ੍ਰ. ਹੀਰਾ ਸਿੰਘ ਲਾਹੌਰ।
11. ਮਿਸਲ ਕਰੋੜਾਸਿੰਘੀਆ- ਕਰੋੜਾ ਸਿੰਘ ਪੰਜਗੜ੍ਹ, ਗੁਰਦਾਸਪੁਰ।

**ਮਿਸਲ ਫੂਲਕੀਆਂ**- ਇਹ ਮਿਸਲ ਬਾਰਹਵੀਂ ਪਟਿਆਲਾ, ਨਾਭਾ, ਜੀਂਦ, ਫੂਲਕੀਆ ਤੇ ਫ਼ਰੀਗਕੋਟ ਦੇ ਰਾਜਿਆਂ ਦੀ ਕਾਇਮ ਹੋਈ ਸੀ। ਇਹਨਾਂ ਮਿਸਲਾਂ ਦੇ ਸਰਦਾਰਾਂ ਨੇ ਮਿਲ ਕੇ ਸਾਰੇ ਪੰਜਾਬ ਵਿੱਚ ਦੂਰ-ਦੂਰ ਤੱਕ ਇਲਾਕੇ ਵੰਡ ਲਏ ਤੇ ਆਪਣੀ- ਆਪਣੀ ਸ਼ਕਤੀ ਨਾਲ ਕਬਜ਼ੇ ਕਰ ਲਏ। ਅਹਿਮਦ ਸ਼ਾਹ ਅਬਦਾਲੀ ਹੜ੍ਹ ਵਾਂਗ ਲਾਹੌਰ ਤੋਂ ਵਧਿਆ ਤੇ ਦਿੱਲੀ ਪਹੁੰਚ ਗਿਆ। ਲੁੱਟ ਮਾਰ ਸ਼ੁਰੂ ਕਰ ਦਿੱਤੀ , ਬਹੂ ਬੇਟੀਆਂ ਦੀ ਇੱਜ਼ਤ ਲੁੱਟੀ। ਬਾਦਸ਼ਾਹ ਆਲਮਗੀਰ ਦੀ ਖੂਬਸੂਰਤ ਤੇ ਜੁਆਨ ਬੇਟੀ ਜੂਹਰਾ ਬੇਗਮ ਦਾ ਨਿਕਾਹ ਜਬਰਦਸਤੀ ਆਪਣੇ ਪੁੱਤਰ ਤੈਮੂਰ ਸ਼ਾਹ ਨਾਲ ਕਰ ਦਿੱਤਾ। ਦਿੱਲੀ ਤੋਂ ਬਾਅਦ ਆਗਰਾ ਵੀ ਲੁੱਟਿਆ ਗਿਆ। ਹੋਲੀਆਂ ਦੇ ਦਿਨਾਂ ਵਿੱਚ ਮੱਥੁਰਾ ਬਿੰਦਰਾਬਨ ਪਹੁੰਚ ਕੇ ਹਿੰਦੂਆਂ ਦੇ ਮੰਦਰ ਲੁੱਟੇ। ਸੋਨੇ ਚਾਂਦੀ ਦੀਆਂ ਮੂਰਤੀਆਂ ਲੁੱਟ ਲਈਆਂ। ਖੂਬਸੂਰਤ ਨੌਜਵਾਨ ਲੜਕੀਆਂ ਦੀ ਬੇਪਤੀ ਕੀਤੀ। ਕਿਸੇ ਹਿੰਦੂ ਨੇ ਹਿੰਮਤ ਨਾ ਕੀਤੀ ਜੋ ਇਸ ਬੇਇੱਜ਼ਤੀ ਨੂੰ ਰੋਕ ਸਕਦਾ। ਲੁੱਟ ਮਾਰ ਕਰਕੇ ਅਬਦਾਲੀ ਫਿਰ ਦਿੱਲੀ ਪਹੁੰਚ ਗਿਆ। ਕੁੱਝ ਦਿਨ ਦਿੱਲੀ ਰਹਿ ਕੇ ਬਜ਼ੁਰਗ ਪੀਰ ਦੀ ਲੜਕੀ ਜੈਨਾ ਨੂੰ ਫੜਿਆ। ਮੁਹੰਮਦ ਸ਼ਾਹ ਦੀ 16 ਸਾਲ ਦੀ ਲੜਕੀ ਨਾਲ ਆਪਣੀ ਕਾਮਵਾਸ਼ਨਾ ਪੂਰੀ ਕਰਦਾ ਰਿਹਾ।ਸ਼ਾਹੀ ਖਾਨਦਾਨ ਦੀਆਂ 17 ਜਵਾਨ ਸ਼ਹਿਜ਼ਾਦੀਆਂ, 20,000 ਹਿੰਦੂ ਲੜਕੀਆਂ, ਔਰਤਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਕਰੋੜਾਂ ਰੁਪਿਆਂ ਦਾ ਲੁੱਟਿਆ ਮਾਲ, ਮੱਝਾਂ-ਗਾਂਵਾਂ, ਬਹੂ-ਬੇਟੀਆਂ ਦੇ ਹੱਥ ਪੈਰ ਬੰਨ੍ਹ ਕੇ ਗੱਡਿਆ ਤੇ ਬਿਠਾ ਕੇ, ਚਾਰੇ ਪਾਸੇ ਸ਼ਾਹੀ ਫੌਜ ਦਾ ਪਹਿਰਾ ਲਗਾ ਕੇ ਅਪ੍ਰੈਲ 1757 ਈ: ਨੂੰ ਦਿੱਲੀ ਤੋਂ ਕਾਬਲ ਵੱਲ ਚੱਲ ਪਿਆ।

ਜਦੋ ਇਸ ਸਭ ਦਾ ਪਤਾ ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੂੰ ਲੱਗਾ ਤਾਂ ਉਸਨੂੰ ਬਹੁਤ ਗੁੱਸਾ ਆਇਆ ਕਿ ਹਿੰਦੁਸਤਾਨੀਆਂ ਦੀ ਗੈਰਤ ਮਰ ਗਈ ਹੈ, ਕਿਸੇ ਦੀ ਹਿੰਮਤ ਨਹੀ ਪਈ ਕਿ ਉਸ ਜ਼ਾਲਮ ਨੂੰ ਰੋਕ ਸਕਦੇ। ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੇ ਸਿੰਘਾਂ ਨੂੰ ਲਲਕਾਰਿਆ ਤੇ ਜਿੱਥੇ-ਜਿੱਥੇ ਵੀ ਸਿੰਘ ਸਨ, ਸੁਨੇਹੇ ਭੇਜੇ ਕਿ ਜੇ ਅਬਦਾਲੀ ਪੰਜਾਬ ਵਿੱਚੋਂ ਦੀ ਸਾਰਾ ਲੁੱਟ ਦਾ ਮਾਲ ਤੇ ਬਹੂ ਬੇਟੀਆਂ ਲੈ ਗਿਆ ਤਾਂ ਅਸੀ ਕਲਗੀਧਰ ਪਾਤਸ਼ਾਹ ਜੀ ਨੂੰ ਕੀ ਮੂੰਹ ਦਿਖਾਵਾਂਗੇ। ਅਬਦਾਲੀ ਦੇ ਦੰਦ ਖੱਟੇ ਕਰਨੇ ਹਨ। ਸੁਨੇਹੇ ਮਿਲਦਿਆਂ ਹੀ ਖਾਲਸਾ ਤਿਆਰ ਹੋ ਗਿਆ।

**ਖਾਲਸਾ ਸੋਇ ਜੋ ਚੜ੍ਹਹਿ ਤੁਰੰਗ।**
**ਖਾਲਸਾ ਸੋ ਜੋ ਕਰੈ ਨਿਤ ਜੰਗ।**

ਅਬਦਾਲੀ ਨੇ ਭਾਰਤ ਤੇ 1747 ਤੋਂ ਲੈ ਕੇ 1769 ਤੱਕ ਟੋਟਲ ਦਸ ਹਮਲੇ ਕੀਤੇ ਜੋ ਇਸ ਤਰ੍ਹਾਂ ਹਨ:-

ਪਹਿਲਾ ਹਮਲਾ- 1747 ਈ:
ਦੂਜਾ ਹਮਲਾ- 1749 ਈ:
ਤੀਜਾ ਹਮਲਾ- 1751 ਤੇ 1752 ਈ:
ਚੌਥਾ ਹਮਲਾ- 1756 ਤੇ 1757 ਈ:
ਪੰਜਵਾਂ ਹਮਲਾ- 1759 ਤੇ 1761 ਈ:
ਛੇਵਾਂ ਹਮਲਾ- 1762 ਈ:
ਸੱਤਵਾਂ ਹਮਲਾ- 1764 ਤੇ 1765 ਈ:
ਅੱਠਵਾਂ ਹਮਲਾ- 1767 ਈ:
ਨੌਵਾਂ ਹਮਲਾ- 1768 ਈ:
ਦੱਸਵਾਂ ਹਮਲਾ- 1769 ਈ:

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੇ ਬਾਬਾ ਦੀਪ ਸਿੰਘ ਜੀ ਨਾਲ ਮਿਲ ਕੇ ਅਬਦਾਲੀ ਦੀ ਲੁੱਟ ਦਾ ਮਾਲ ਲੁੱਟ ਕੇ , ਬਹੂ ਬੇਟੀਆਂ ਨੂੰ ਛੁਡਾ ਕੇ ਉਸਦੀ ਕਾਫੀ ਫੌਜ ਮਾਰ ਦਿੱਤੀ ਤੇ ਅਬਦਾਲੀ ਮੁਸ਼ਕਿਲ ਨਾਲ ਜਾਨ ਬਚਾ ਕੇ ਦੌੜ ਗਿਆ। ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੂੰ ਕੌਮ ਨੇ 'ਸੁਲਤਾਨੁਲ ਕੌਮ' ਦਾ ਰੁਤਬਾ ਦਿੱਤਾ। 1762 ਈ: ਨੂੰ ਅਬਦਾਲੀ ਨੇ ਫਿਰ ਭਾਰਤ ਤੇ ਹਮਲਾ ਕੀਤਾ।ਅਬਦਾਲੀ ਨੇ 20,000 ਹਜਾਰ ਦੇ ਕਰੀਬ ਬੱਚੇ, ਬੁੱਢੇ,ਔਰਤਾਂ ਤੇ ਜੁਆਨਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ।

ਇਹ ਸਿੱਖ ਇਤਿਹਾਸ ਵਿੱਚ 'ਵੱਡਾ ਘੱਲੂਘਾਰਾ' ਕਰਕੇ ਜਾਣਿਆ ਜਾਂਦਾ ਹੈ।ਇਸ ਲੜਾਈ ਵਿੱਚ ਸ੍ਰ. ਜੱਸਾ ਸਿੰਘ ਆਹਲੂਵਾਲੀਆ ਦੇ 22 ਫੱਟ ਸਰੀਰ ਤੇ ਲੱਗੇ ਸਨ। ਵਾਪਸ ਮੁੜਦਿਆਂ ਅਬਦਾਲੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਨੂੰ ਬਾਰੂਦ ਨਾਲ ਉਡਾ ਦਿੱਤਾ ਤੇ ਸਰੋਵਰ ਮਿੱਟੀ ਨਾਲ ਭਰ ਦਿੱਤਾ। ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੇ ਮੁੜ 'ਦਲ ਖਾਲਸਾ' ਸੁਰਜੀਤ ਕੀਤਾ ਤੇ 1764 ਈ: ਨੂੰ ਸਰਹੰਦ ਤੇ ਹਮਲਾ ਕਰਕੇ ਫੋਜ਼ਦਾਰ ਜੈਨ ਖਾਂ ਨੂੰ ਮਾਰ ਦਿੱਤਾ ਤੇ ਸਾਰਾ ਸ਼ਹਿਰ ਮਿੱਟੀ ਵਿੱਚ ਮਿਲਾ ਦਿੱਤਾ।1765 ਈ: ਵਿੱਚ ਅਬਦਾਲੀ ਨੇ ਫਿਰ ਹਮਲਾ ਕੀਤਾ। ਇਸ ਹਮਲੇ ਦੌਰਾਨ ਅਬਦਾਲੀ ਨੇ ਸਿੱਖਾਂ ਦੀ ਵੱਧਦੀ ਹੋਈ ਸ਼ਕਤੀ ਨੂੰ ਵੇਖਦਿਆਂ ਸਮਝੌਤਾ ਕਰਨ ਦਾ ਯਤਨ ਕੀਤਾ ਤਾਂ ਸ੍ਰ. ਜੱਸਾ ਸਿੰਘ ਆਹਲੂਵਾਲੀਆ ਨੇ ਇਸ ਨੂੰ ਠੁਕਰਾ ਦਿੱਤਾ। 1774 ਈ: ਨੂੰ ਕਪੂਰਥਲਾ ਨੂੰ ਰਾਜਧਾਨੀ ਬਣਾਇਆ। ਸ੍ਰ. ਜੱਸਾ ਸਿੰਘ ਆਹਲੂਵਾਲੀਆ ਇੱਕ ਮਹਾਨ ਜਰਨੈਲ ਤੇ ਧਰਮੀ ਪੁਰਖ ਸਨ। ਜਿੰਨ੍ਹਾਂ ਨੇ ਆਪਣੀ ਸਾਰੀ ਉਮਰ ਗੁਰੂ ਘਰ ਦੇ ਲੇਖੇ ਲਾ ਕੇ ਸਿੱਖਾਂ ਦੀ ਆਨ ਤੇ ਸ਼ਾਨ ਨੂੰ ਬਰਕਰਾਰ ਰੱਖਿਆ। ਅੰਤ 20 ਅਕਤੂਬਰ 1783 ਈ: ਨੂੰ ਮਹਾਨ ਜਰਨੈਲ ਸਦਾ ਲਈ ਸਾਡੇ ਕੋਲੋ ਵਿੱਛੜ ਗਿਆ। ਅੰਮ੍ਰਿਤਸਰ ਸਾਹਿਬ ਵਿੱਚ ਬਾਬਾ ਅਟੱਲ ਰਾਏ ਜੀ ਲਾਗੇ ਉਨ੍ਹਾਂ ਦੀ ਸਮਾਧ ਸਥਿੱਤ ਹੈ। ਸਿੱਖ ਕੌਮ ਦੇ ਇਸ ਮਹਾਨ ਜਰਨੈਲ ਨੂੰ ਕੋਟਿਨ-ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ:ਡਾਕ.ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 3 ਪਾਵਨ ਸਰੂਪ ਸੱਚਖੰਡ ਵਿੱਚ ਅਗਨ ਭੇਟ

# ਜਾਂਚ ਕਰਨ ਲਈ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਬਣਾਈ ਕਮੇਟੀ ਦੇ ਅਹੁਦੇਦਾਰ ਪੁੱਜੇ

## ਸਾਰੀ ਜਾਂਚ ਪੜਤਾਲ ਕਰਕੇ ਸਾਰੀ ਰਿਪੋਰਟ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੂੰ ਦਿੱਤੀ ਗੁਰੂ ਸਾਹਿਬ ਜੀ ਦੇ ਤਿੰਨੇਂ ਸਰੂਪ ਖੁਸਹਾਲਪੁਰ ਪਉਂਟਾ ਸਾਹਿਬ ਨੂੰ ਰਵਾਨਾ ਕਰ ਦਿੱਤੇ ਗਏ






**ਪਿੰਜੌਰ, 17 ਮਈ (ਆਵਾਜ਼ਿ ਕੌਮ ਬਿਊਰੋ)**-ਪਿੰਜੌਰ ਨੇੜੇ ਪਿੰਡ ਪ੍ਰੇਮਪੁਰਾ ਵਿੱਚ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 3 ਪਾਵਨ ਸਰੂਪ ਸੱਚਖੰਡ ਵਿੱਚ ਅਗਨ ਭੇਂਟ ਹੋ ਗਏ ਸਨ ਜਿਸਦੀ ਜਾਂਚ ਕਰਨ ਵਾਸਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਜਨਰਲ ਸਕੱਤਰ,ਸ.ਹਰਬੰਸ ਸਿੰਘ ਕੜਕੌਲੀ ਮੈਂਬਰ ਯਮੁਨਾਨਗਰ,ਸ.ਸੁਜਿੰਦਰ ਸਿੰਘ ਤੂਰ ਮੈਂਬਰ ਪੰਚਕੂਲਾ ਅਧਾਰਿਤ 3 ਮੈਂਬਰੀ ਗਠਿਤ ਕੀਤੀ ਸਬ ਕਮੇਟੀ ਵਲੋਂ ਅੱਜ ਗੁਰਦੁਆਰਾ ਸਾਹਿਬ ਪਿੰਡ ਪ੍ਰੇਮਪੁਰਾ ਜਾ ਕੇ ਸਾਰੀ ਜਾਂਚ ਪੜਤਾਲ ਕਰਕੇ ਸਾਰੀ ਰਿਪੋਰਟ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੂੰ ਦਿੱਤੀ ਗੁਰੂ ਸਾਹਿਬ ਜੀ ਦੇ ਤਿੰਨੇਂ ਸਰੂਪ ਖੁਸਹਾਲਪੁਰ ਪਉਂਟਾ ਸਾਹਿਬ ਨੂੰ ਰਵਾਨਾ ਕਰ ਦਿੱਤੇ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਹਲਕਾ ਜਗਰਾਉਂ ਦੇ ਵੱਖ-ਵੱਖ ਪਿੰਡਾਂ ਵਿੱਚ

# ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਮੀਟਿੰਗਾਂ ਦਾ ਸਿਲਸਿਲਾ ਤੇਜ਼



ਜਗਰਾਉਂ-(ਵਰਿਆਮ ਹਠੂਰ)- ਸਾਬਕਾ ਵਿਧਾਇਕ ਐਸ.ਆਰ ਕਲੇਰ ਦੀ ਅਗਵਾਈ ਵਿੱਚ ਵਿਧਾਨ ਸਭ ਹਲਕਾ ਜਗਰਾਉਂ ਦੇ ਵੱਖ ਵੱਖ ਪਿੰਡਾਂ ਵਿੱਚ, ਲੋਕ ਸਭਾ ਹਲਕਾ ਲੁਧਿਆਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਉਹਨਾਂ ਅਮਰਗੜ੍ਹ ਕਲੇਰ, ਸ਼ੇਰਪੁਰ ਕਲਾਂ, ਸ਼ੇਰਪੁਰ ਖੁਰਦ, ਫਤਿਹਗੜ੍ਹ ਸੀਬੀਆ, ਸ਼ੇਖ ਦੌਲਤ, ਗਾਲਿਬ ਖੁਰਦ ਰਣ ਸਿੰਘ, ਗਾਲਿਬ ਕਲਾਂ, ਪਿੰਡ ਰਸੂਲਪੁਰ (ਮੱਲਾ), ਪਿੰਡ ਮੱਲ੍ਹਾ, ਨਵਾਂ ਡੱਲਾ, ਡਾਗੀਆਂ, ਗੁਰੂਸਰ, ਕਾਉਂਕੇ ਕਲਾਂ ਆਦਿ ਪਿੰਡਾਂ ਦਾ ਦੌਰਾ ਕਰਦੇ ਹੋਏ ਲੋਕ ਸਭਾ ਹਲਕਾ ਲੁਧਿਆਣਾ ਤੋਂ ਉਮੀਦਵਾਰ ਰਣਜੀਤ ਸਿੰਘ ਢਿੱਲੋਂ, ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਰਵਨੀਤ ਸਿੰਘ ਬਿੱਟੂ ਨੂੰ ਦੋ ਵਾਰ ਐਮ ਪੀ ਬਣਾਇਆ ਪਰ ਉਸ ਨੇ ਹਲਕੇ ਦਾ ਵਿਕਾਸ ਕਰਨ ਦਾ ਤਾਂ ਦੂਰ ਦੀ ਗੱਲ ਹਲਕਾ ਵਾਸੀਆਂ ਨੂੰ ਸ਼ਕਲ ਵੀ ਨਹੀਂ ਦਿਖਾਈ। ਜਿਸ ਦੇ ਚਲਦਿਆਂ ਹਲਕੇ ਦੇ ਬਹੁਤੇ ਲੋਕ ਤਾਂ ਉਸ ਦਾ ਚਿਹਰਾ ਵੀ ਭੁੱਲ ਗਏ ਹਨ। ਇਸ ਮੌਕੇ ਉਹਨਾਂ ਮਾਨ ਸਰਕਾਰ ਦੇ ਉੱਪਰ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਮਾਨ ਸਰਕਾਰ ਜਿਹੜੀਆਂ ਗਰੰਟੀਆਂ ਦੀ ਗੱਲ ਕਰਦੀ ਸੀ ਉਹਨਾਂ ਚੋਂ ਕੋਈ ਵੀ ਗਰੰਟੀ ਹਾਲੇ ਤੱਕ ਪੂਰੀ ਨਹੀਂ ਹੋਈ। ਬਲਕਿ ਰਿਸ਼ਵਤਖੋਰੀ, ਗੁੰਡਾਗਰਦੀ ਸਮੇਤ ਨਸ਼ਾ ਘਰਾਂ ਦੇ ਵਿੱਚ ਆਮ ਵਿਕ ਰਿਹਾ ਹੈ ਉਹਨਾਂ ਕਿਹਾ ਕਿ ਦਿੱਲੀ ਦੇ ਹੱਥਾਂ ਦੀ ਕਠਪੁਤਲੀ ਬਣੇ ਇਹਨਾਂ ਲੋਕਾਂ ਨੇ ਪੰਜਾਬ ਦਾ ਬੇੜਾ ਕਰਕੇ ਰੱਖ ਦਿੱਤਾ। ਜਦਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਜਿੱਥੇ ਸੂਬੇ ਦੇ ਲੋਕ ਖੁਸ਼ਹਾਲ ਜੀਵਨ ਬਤੀਤ ਕਰ ਰਹੇ ਸਨ, ਉੱਥੇ ਹੀ ਵਿਕਾਸ ਪੱਖੋਂ ਵੀ ਇੱਕ ਨੰਬਰ ਸੂਬਾ ਰਿਹਾ ਉਹਨਾਂ ਕਿਹਾ ਕਿ ਦਿੱਲੀ ਦੇ ਹੱਥਾਂ ਦੀ ਕੱਠਪੁਤਲੀ ਬਣੇ ਇਹਨਾਂ ਲੋਕਾਂ ਤੋਂ ਸੂਬੇ ਦੇ ਲੋਕ ਪੂਰੀ ਤਰਾਂ ਅੱਕ ਚੁੱਕੇ ਹਨ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਕਰਵਾਏ ਕੰਮਾਂ ਤੇ ਮੋਹਰ ਲਗਾਉਣ ਦਾ ਮਨ ਬਣਾਈ ਬੈਠੇ ਹਨ। ਇਸ ਮੌਕੇ ਉਹਨਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸ.ਕਮਲਜੀਤ ਸਿੰਘ ਮੱਲਾ, ਸਾਬਕਾ ਚੇਅਰਮੈਨ ਸ.ਦੀਦਾਰ ਸਿੰਘ ਮਲਕ, ਪ੍ਰਧਾਨ ਬਿੰਦਰ ਸਿੰਘ ਮਨੀਲਾ, ਸਾਬਕਾ ਚੇਅਰਮੈਨ ਸ.ਚੰਦ ਸਿੰਘ ਡੱਲਾ, ਸਰਕਲ ਪ੍ਰਧਾਨ ਮਨਦੀਪ ਸਿੰਘ ਬਿੱਟੂ, ਸਰਕਲ ਪ੍ਰਧਾਨ ਸਿਵਰਾਜ ਸਿੰਘ ਸਰਪੰਚ, ਯੂਥ ਪ੍ਰਧਾਨ ਜਤਿੰਦਰ ਸਿੰਘ ਕਲੇਰ, ਯੂਥ ਪ੍ਰਧਾਨ ਦਲਜੀਤ ਸਿੰਘ ਪੋਨਾ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਯੂਥ ਪ੍ਰਧਾਨ ਸੁਰਗਨ ਸਿੰਘ ਰਸੂਲਪੁਰ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਾਬਕਾ ਸਰਪੰਚ ਸ਼ੇਰ ਸਿੰਘ ਰਸੂਲਪੁਰ, ਰਾਜਵਿੰਦਰ ਸਿੰਘ, ਯੂਥ ਆਗੂ ਰਾਜਵਿੰਦਰ ਸਿੰਘ, ਪਾਲ ਸਿੰਘ, ਸਰਗੁਣ ਸਿੰਘ, ਮਨਪ੍ਰੀਤ ਸਿੰਘ, ਗੁਰਦੇਵ ਕੌਰ, ਛਿੰਦਰ ਕੌਰ, ਸਰਬਜੀਤ ਕੌਰ, ਯੂਥ ਆਗੂ ਸੰਦੀਪ ਮੱਲ੍ਹਾ, ਜੋਤੀ ਮੱਲ੍ਹਾ, ਪ੍ਰਿਤਪਾਲ ਸਿੰਘ ਮੱਲ੍ਹਾ , ਸੋਹਣ ਸਿੰਘ ਤੂਰ, ਸਨੀ ਸੇਖਦੌਲਤ, ਲਵੀ ਸੇਖਦੌਲਤ, ਬੂਟਾ ਸਿੰਘ ਸੇਖਦੌਲਤ, ਸਰਪੰਚ ਏਕਮ ਸਿੰਘ ਫਤਿਹਗੜ੍ਹ ਸਿਵਿਆ, ਭੋਲਾ ਸਿੰਘ ਸੰਧੂ, ਜਸਪਾਲ ਸਿੰਘ ਫਤਿਹਗੜ੍ਹ ਸਿਵਿਆ, ਜਸਪ੍ਰੀਤ ਸਿੰਘ ਚੀਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਪਤਵੰਤੇ ਹਾਜ਼ਰ ਸਨ।

### ਵਿਸ਼ਵ ਦੀ 30 ਫੀਸਦ ਤੋਂ ਵੱਧ ਆਬਾਦੀ ਹਾਈਪਰਟੈਂਸ਼ਨ ਤੋਂ ਪ੍ਰਭਾਵਿਤ : ਡਾ. ਦਰਸ਼ਨ ਕੌਰ

# ਸਿਹਤ ਕੇਂਦਰਾਂ ਉੱਪਰ ਮਨਾਇਆ ਵਿਸ਼ਵ ਹਾਈਪਰਟੈਂਸ਼ਨ ਡੇ



**ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਡਾ ਤੇਜਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾ ਅਤੇ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫਸਰ ਡਾ. ਦਰਸ਼ਨ ਕੌਰ ਦੀ ਅਗਵਾਈ ਹੇਠ ਅੱਜ ਵਿਸ਼ਵ ਹਾਇਪਰਟੈਸ਼ਨ ਡੇ ਮੌਕੇ ਬਲਾਕ ਤਲਵੰਡੀ ਸਾਬੋ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿਖੇ ਜਾਂਚ ਕੈਂਪ ਆਯੋਜਿਤ ਕਰਨ ਦੇ ਨਾਲ - ਨਾਲ ਜਾਗਰੂਕਤਾ ਪ੍ਰਚਾਰ ਕੀਤਾ ਗਿਆ। ਐਸ ਡੀ ਐਚ ਤਲਵੰਡੀ ਸਾਬੋ ਵਿਖੇ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਡਾ. ਅਮਨਪ੍ਰੀਤ ਸੇਠੀ ਨੇ ਦੱਸਿਆ ਕਿ ਸਰੀਰ ਵਿੱਚ ਬਲੱਡ ਪ੍ਰੈਸ਼ਰ ਦੇ ਵਿਗਾੜ ਨੂੰ ਹੀ ਹਾਈਪਰਟੈਂਸ਼ਨ ਕਿਹਾ ਜਾਂਦਾ ਹੈ। ਹਾਈਪਰਟੈਨਸ਼ਨ ਕਈ ਤਰਾਂ ਦੀਆਂ ਸਿਹਤ ਸਮੱਸਿਆਵਾਂ ਦਾ ਮੁੱਖ ਕਾਰਨ ਹੈ ਜਿਵੇਂ ਕਿ ਸਟ੍ਰੋਕ, ਦਿਲ ਦੇ ਦੌਰੇ ਅਤੇ ਗੁਰਦੇ ਦੀ ਬਿਮਾਰੀ ਅਤੇ ਇਹ ਡਿਮੇਨਸ਼ੀਆ (ਦਿਮਾਗੀ ਕਮਜ਼ੋਰੀ) ਵਿੱਚ ਵੀ ਯੋਗਦਾਨ ਪਾ ਸਕਦੀ ਹੈ। ਬਹੁਤ ਸਾਰੇ ਲੋਕ ਜੋ ਹਾਈਪਰਟੈਨਸ਼ਨ ਤੋਂ ਪੀੜਤ ਹੁੰਦੇ ਹਨ, ਉਹਨਾਂ ਨੂੰ ਇਹ ਪਤਾ ਨਹੀਂ ਹੁੰਦਾ ਕਿ ਉਹ ਇਸ ਬੀਮਾਰੀ ਨਾਲ ਗ੍ਰਸਤ ਹਨ ਕਿਉਂਕਿ ਇਸਦਾ ਕੋਈ ਵੀ ਲੱਛਣ ਨਹੀਂ ਹੋ ਸਕਦਾ, ਅਕਸਰ ਲੋਕਾਂ ਨੂੰ ਦਿਲ ਦਾ ਦੌਰਾ ਪੈਣ ਜਾਂ ਦੌਰਾ ਪੈਣ ਤੋਂ ਬਾਅਦ ਹੀ ਪਤਾ ਲੱਗਦਾ ਹੈ। ਵਿਸ਼ਵ ਦੀ ਆਬਾਦੀ ਦਾ 30 ਪ੍ਰਤੀਸ਼ਤ ਤੋਂ ਵੱਧ, ਭਾਵ ਵਿਸ਼ਵ ਦੀ 1 ਅਰਬ ਤੋਂ ਵੱਧ ਆਬਾਦੀ ਹਾਈਪਰਟੈਨਸ਼ਨ ਤੋਂ ਪ੍ਰਭਾਵਿਤ ਹੈ। ਇਹ ਜ਼ੋਖਮ ਦਾ ਮੁੱਢਲਾ ਕਾਰਨ ਵੀ ਹੈ ਜੋ ਕਈ ਕਾਰਡੀਓਵੈਸਕੁਲਰ ਬਿਮਾਰੀਆਂ ਜਿਵੇਂ ਕਿ ਕੋਰੋਨਰੀ ਦਿਲ ਦੀ ਬਿਮਾਰੀ, ਗੁਰਦਿਆ ਦਾ ਫੇਲ ਹੋਣਾ, ਦਿਮਾਗੀ ਕਮਜ਼ੋਰੀ ਦਾ ਕਾਰਨ ਬਣਦਾ ਹੈ। ਹਾਈਪਰਟੈਨਸ਼ਨ ਭਾਰਤ ਵਿੱਚ ਇੱਕ ਵਧ ਰਹੀ ਸਮੱਸਿਆ ਹੈ ਅਤੇ ਸਿਹਤ ਪ੍ਰਣਾਲੀ 'ਤੇ ਮਹੱਤਵਪੂਰਨ ਬੋਝ ਦਾ ਕਾਰਨ ਬਣਦੀ ਜਾ ਰਹੀ ਹੈ। ਬਲਾਕ ਹੈਲਥ ਐਜੂਕੇਟਰ ਸਾਹਿਲ ਪੁਰੀ ਨੇ ਦੱਸਿਆ ਕਿ ਵਿਸ਼ਵ ਹਾਈਪਰਟੈਨਸ਼ਨ ਦਿਵਸ ਹਰ ਸਾਲ 17 ਮਈ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਹਾਈਪਰਟੈਨਸ਼ਨ ਬਾਰੇ ਜਾਗਰੂਕਤਾ ਵਧਾਉਣਾ ਹੈ। ਉਹਨਾਂ ਨੇ ਦੱਸਿਆ ਕਿ ਸੀ ਐਚ ਸੀ ਸੰਗਤ ਸਮੇਤ ਅਧੀਨ ਪੈਂਦੇ 21 ਹੈਲਥ ਐਂਡ ਵੈਲਨੈਸ ਸੈਂਟਰਾਂ 'ਤੇ ਹਰ 40 ਸਾਲ ਤੋਂ ਵੱਧ ਉਮਰ ਦੇ ਵਿਅਕਤੀ ਨੂੰ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਸਮੇਂ ਸਮੇਂ ਤੇ ਕਰਵਾਉਣੀ ਚਾਹੀਦੀ ਹੈ ਜਿਸ ਦਾ ਇਲਾਜ ਵੀ ਸਿਹਤ ਕੇਂਦਰ ਉੱਪਰ ਮੁਫ਼ਤ ਕੀਤਾ ਜਾਂਦਾ ਹੈ।




# ਸੰਗਰੂਰ ਦੇ ਲੋਕ ਮੀਤ ਹੇਅਰ ਅਤੇ ਖਹਿਰਾ ਨੂੰ ਮੂੰਹ ਨਹੀਂ ਲਾਉਣਗੇ : ਇਕਬਾਲ ਸਿੰਘ ਝੂੰਦਾਂ / ਰਣਜੀਤ ਸਿੰਘ ਰੰਧਾਵਾ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੀ ਸਰਕਾਰ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਦੇ ਇਸਾਰਿਆਂ ਤੇ ਚੱਲ ਰਹੀ ਹੈ ਜੋ ਪੰਜਾਬ ਦੇ ਲੋਕਾਂ ਨੂੰ ਝੂਠ ਦੀਆਂ ਗਰਾਂਟੀਆਂ ਦੇ ਕੇ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੰਗਰੂਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਇਕਬਾਲ ਸਿੰਘ ਝੂੰਦਾਂ ਅਤੇ ਧੂਰੀ ਹਲਕੇ ਦੇ ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਸੇਰਪੁਰ, ਉੱਘੇ ਸਮਾਜ ਸੇਵੀ ਸ, ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਹਨਾਂ ਕਿਹਾ ਕਿ ਜੇਕਰ ਦੇਸ਼ ਵਿੱਚ ਨਰਿੰਦਰ ਮੋਦੀ ਦੁਬਾਰਾ ਪ੍ਰਧਾਨ ਮੰਤਰੀ ਬਣਦੇ ਹਨ ਤਾਂ ਹਿੰਦੁਸਤਾਨ ਦਾ ਸੰਵਿਧਾਨ ਪੂਰੀ ਤਰ੍ਹਾਂ ਖਤਰੇ ਚ ਪੈ ਜਾਵੇਗਾ ਕਿਉਂਕਿ ਭਾਰਤੀ ਜਨਤਾ ਪਾਰਟੀ ਸਰਕਾਰ ਸੀਬੀਆਈ ਅਤੇ ਈੜੀ ਦੀ ਦੁਰਵਰਤੋਂ ਕਰ ਰਹੀ ਹੈ ਉਹਨਾਂ ਕਿਹਾ ਕਿ ਕਾਂਗਰਸ ਦੇ ਸੰਗਰੂਰ ਲੋਕ ਸਭਾ ਹਲਕੇ ਤੋਂ ਚੋਣ ਲੜ ਰਹੇ ਸੁਖਪਾਲ ਸਿੰਘ ਖਹਿਰਾ 200 ਕਿਲੋਮੀਟਰ ਤੋਂ ਚੱਲ ਕੇ ਆਏ ਹਨ ਉਹਨਾਂ ਦਾ ਸੰਗਰੂਰ ਦੇ ਲੋਕਾਂ ਨਾਲ ਕੋਈ ਵੀ ਲਗਾ ਨਹੀਂ ਉਹ ਸਿਰਫ ਪੰਜਾਬ ਦੇ ਮੁੱਖ ਮੰਤਰੀ ਨੂੰ ਰੰਜਿਸ ਦੇ ਤਹਿਤ ਸਬਕ ਸਿਖਾਉਣ ਦੇ ਲਈ ਆਏ ਹਨ। ਉਨ੍ਹਾਂ ਧੂਰੀ ਹਲਕੇ ਦੇ ਵੋਟਰਾਂ ਤੇ ਸਪੋਟਰਾਂ ਨੂੰ ਅਪੀਲ ਕੀਤੀ ਕਿ ਉਹ 1 ਜੂਨ ਨੂੰ ਸ਼੍ਰੋਮਣੀ ਅਕਾਲੀ ਦਲ ਜੋ ਪੰਜਾਬ ਦੀ ਮਾਂ ਅਤੇ ਖੇਤਰੀ ਪਾਰਟੀ ਹੈ ਦੇ ਉਮੀਦਵਾਰਾਂ ਦੇ ਹੱਕ ਵਿੱਚ ਫੈਸਲਾ ਦੇਖ ਕੇ ਵੱਧ ਤੋਂ ਵੱਧ ਵੋਟਾਂ ਨਾਲ ਜਿਤਾਓ ।।

# ਅਨੀਮੀਆਂ ਮੁਕਤ ਭਾਰਤ ਮੁਹਿੰਮ ਤਹਿਤ ਸਟੇਟ ਵਲੋਂ ਕੀਤੀ ਗਈ ਅਹਿਮ ਵੀਡੀਓ ਕਾਨਫਰੈਂਸ




**ਚੌਕ ਮਹਿਤਾ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਮਾਨਯੋਗ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਡਾ ਹਤਿੰਦਰ ਕੌਰ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਟੇਟ ਨੋਡਲ ਅਫਸਰ ਕਮ ਅਸਿਸਟੇਂਟ ਡਾਇਰੈਕਟਰ ਡਾ ਜਸਕਿਰਨ ਜੀਤ ਕੌਰ ਅਤੇ ਸਟੇਟ ਕੁਆਰਡੀਨੇਟਰ ਆਰ.ਬੀ.ਐਸ.ਕੇ. ਡਾ ਸ਼ਤੀਸ਼ ਜੀ ਵਲੋਂ ਜਿਲ੍ਹਾ ਤਰਨ ਤਾਰਨ ਵਿੱਚ ਅਨੀਮੀਆ ਮੁਕਤ ਭਾਰਤ ਮੁਹਿੰਮ ਤਹਿਤ ਅਹਿਮ ਵੀਡੀਓ ਕਾਨਫਰੈਂਸ ਕੀਤੀ ਗਈ। ਇਸ ਕਾਨਫਰੈਂਸ ਵਿਚ ਸਿਵਲ ਸਰਜਨ ਤਰਨਤਾਰਨ ਡਾ ਸੰਜੀਵ ਕੋਹਲੀ ਅਤੇ ਜਿਲਾ ਟੀਕਾਕਰਣ ਅਫਸਰ ਦੀ ਅਗਵਾਹੀ ਹੇਠਾਂ ਸਮੂਹ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਨੇ ਸ਼ਮੂਲੀਅਤ ਕੀਤੀ ।ਇਸ ਮੌਕੇ ਤੇ ਸਟੇਟ ਅਧਿਕਾਰੀਆਂ ਨੇ ਕਿਹਾ ਕਿ ਅਨੀਮੀਆਂ ਕਾਰਣ ਵਿੱਚ ਸ਼ਰੀਰ ਵਿੱਚ ਖੂਨ ਦੀ ਕਮੀ ਹੋ ਜਾਦੀ ਹੈ ਅਤੇ ਸਰੀਰਕ ਤੰਦਰੁਸਤੀ ਤੇ ਵਾਧੇ ਤੇ ਬਹੁਤ ਮਾੜਾ ਅਸਰ ਪੈਂਦਾ ਹੈ ਅਤੇ ਜੱਚਾ-ਬੱਚਾ ਦੀ ਮੌਤ ਦਰ ਦਾ ਇੱਕ ਵੱਡਾ ਕਾਰਣ ਅਨੀਮੀਆ ਹੀ ਹੈ। ਇਸ ਸੱਮਸਿਆ ਨਾਲ ਨਜਿੱਠਣ ਲਈ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਵਲੋ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਇਸ ਮੁਹਿੰਮ ਤਹਿਤ ਸਾਰੇ ਸੀਨੀਅਰ ਮੈਡੀਕਲ ਅਫਸਰਾਂ ਨੂੰ ਨੋਡਲ ਅਫਸਰ ਬਾਣਾਇਆਂ ਜਾਂਦਾ ਹੈਹਫਤੇ ਹਰ ਬੱਧਵਾਰ ਅਤੇ ਸ਼ਨੀਵਾਰ ਨੂੰ ਕੈਂਪ ਲਗਾ ਕੇ ਸਕੂਲ ਹੈਲਥ ਟੀਮਾਂ ਵਲੋਂ ਬੱਚਿਆਂ ਦੀ ਅਚੈ.ਬੀ. ਟੈਸਟਿੰਗ ਕੀਤੀ ਜਾਵੇਗੀ ਅਤੇ ਅਨੀਮੀਆਂ ਵਾਲੇ ਬੱਚਿਆਂ ਨੂੰ ਆਰ.ਬੀ.ਐਸ.ਕੇ. ਦੀਆਂ ਟੀਮਾਂ ਵਲੋਂ ਆਈ.ਐਫ.ਏ. ਦੀਆਂ ਗੋਲੀਆਂ ਦਿੱਤੀਆਂ ਜਾਣਗੀਆਂ। ਇਸਦੀ ਰਿਪੋਰਟ ਹਰ ਹਫਤੇ ਜਿਲ੍ਹਾ ਪੱਧਰ ਤੇ ਅਤੇ ਹਰ ਮਹੀਨੇ ਸਟੇਟ ਪੱਧਰ ਤੇ ਆਨ-ਲਾਈਨ ਭੇਜੀ ਜਾਵੇਗੀ। ਇਸਤੋਂ ਇਲਾਵਾ ਗਰਭਵਤੀ ਮਾਵਾਂ ਨੂੰ ਜਣੇਪੇ ਤੋਂ ਪਹਿਲਾਂ ਅਤੇ ਬਾਅਦ ਵਿੱਚ ਆਇਰਨ ਦੀ ਗੋਲੀਆਂ ਮੁਫਤ ਦੇਣਾ, ਹਫਤਾਵਰੀ ਆਇਰਨ ਫੋਲੀਕ ਐਸਿਡ ਸਪਲੀਮੈਂਟ ਤਹਿਤ 10 ਤੋਂ 19 ਸਾਲ ਤੱਕ ਦੇ ਸਾਰੇ ਰਜਿਸਟਰਡ ਕਿਸੋਰ/ਕਿਸ਼ੋਰੀਆਂ ਨੂੰ ਆਂਗਣਵਾੜੀ ਕੇਦਰਾਂ ਵਿਖੇ 6 ਵੀ ਤੋ 12 ਵੀ ਕਲਾਸ ਤੱਕ ਦੇ ਸਾਰੇ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਵਿਦਿਆਰਥੀਆ ਨੂੰ ਹਫਤੇ ਵਿੱਚ ਇਕ ਵਾਰ ਆਇਰਨ ਫੋਲਿਕ ਐਸਿਡ ਦੀ ਗੋਲੀ ਖੁਆਈ ਜਾਦੀ ਹੈ।

# ਹਰਵਿੰਦਰ ਸਿੰਘ ਤੇ ਰਮਣੀਕ ਸਿੰਘ ਵਿਦਿਆਰਥੀਆਂ ਦੇ ਚੌਮੁੱਖੀ ਵਿਕਾਸ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ: ਜਸਵਿੰਦਰ ਕੌਰ

**ਨਵੀਂ ਦਿੱਲੀ, 17 ਮਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮਹਿੰਦਰਾ ਪਾਰਕ ਇਲਾਕੇ ਵਿੱਚ ਚੱਲ ਰਹੇ ਸੇਂਟ ਮਾਡਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੇ ਚੌਮੁੱਖੀ ਵਿਕਾਸ ਲਈ ਹਮੇਸ਼ਾ ਤੱਤਪਰ ਰਹਿੰਦੇ ਹੋਏ ਇਸ ਸਕੂਲ ਦੇ ਪ੍ਰਬੰਧਕਾਂ ਹਰਵਿੰਦਰ ਸਿੰਘ ਤੇ ਰਮਣੀਕ ਸਿੰਘ ਨੇ ਗਰਮੀ ਦੀਆਂ ਛੁੱਟੀਆਂ ਤੋਂ ਪਹਿਲਾਂ ਵਿੱਦਿਆਰਥੀਆਂ ਅਤੇ ਅਧਿਆਪਕਾਵਾਂ ਨੂੰ ਹੁਲਾਰਾ ਦੇਣ ਲਈ 'ਫਰੂਟ ਡੇ ਅਤੇ ਆਰਟ ਡੇ' ਦਾ ਪ੍ਰੋਗਰਾਮ ਉਲੀਕਿਆ ।ਇਸ ਦਾ ਉਦੇਸ ਸੰਤੁਲਿਤ ਖੁਰਾਕ ਬਾਰੇ ਜਾਣਕਾਰੀ ਦੇਣਾ ਸੀ। ਨਰਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀ ਆਪਣੇ ਟਿਫਨ ਵਿੱਚ ਮੌਸਮੀ ਫਲ ਲੈ ਕੇ ਆਏ, ਇਸ ਤੋਂ ਵੀ ਵਧੀਆ ਗੱਲ ਸੀ ਕਿ ਉਨ੍ਹਾਂ ਨੇ ਫਲਾਂ ਬਾਰੇ ਜਾਣਕਾਰੀ ਕਵਿਤਾ, ਕਹਾਣੀ ਤੇ ਗੱਲਬਾਤ ਰੂਪ ਵਿੱਚ ਦਿੱਤੀ ਤੇ ਗਰਮੀ ਅਤੇ ਮੀਂਹ ਦੇ ਮੌਸਮ ਬਾਰੇ ਵੀ ਕਵਿਤਾਵਾਂ ਸੁਣਾਈਆਂ ਆਈਸਕ੍ਰੀਮ ਸਟਿਕ ਨੂੰ ਕਲਾਕ੍ਰਿਤੀਆਂ ਨਾਲ ਸਜਾ ਕੇ ਆਪਣੇ ਮਨੋਭਾਵਾਂ ਨੂੰ ਪੇਸ ਕੀਤਾ। ਸਕੂਲ ਦੇ ਪ੍ਰਬੰਧਕਾਂ ਹਰਵਿੰਦਰ ਸਿੰਘ ਤੇ ਰਮਣੀਕ ਸਿੰਘ ਨੇ ਬੱਚਿਆਂ ਨੂੰ ਗਰਮੀ ਦੀਆਂ ਛੁੱਟੀਆਂ ਮਨਾਉਣ ਲਈ ਕੁਝ ਵਿਚਾਰ ਸਾਂਝੇ ਕੀਤੇ। ਰਿਟਾਇਰ ਪੰਜਾਬੀ ਅਧਿਆਪਿਕਾ ਜਸਵਿੰਦਰ ਕੌਰ ਇਸ ਸਕੂਲ ਵਿੱਚ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਨਾਲ ਜੋੜਨ ਦੀ ਸੇਵਾ ਨਿਭਾਅ ਰਹੇ ਹਨ, ਉਨ੍ਹਾਂ ਨੇ ਬੱਚਿਆਂ ਨੂੰ ਗਰਮੀ ਦੀਆਂ ਛੁੱਟੀਆਂ ਵਿਚ ਆਪਣੇ ਨਜਦੀਕੀ ਰਿਸਤੇਦਾਰਾਂ ਨਾਲ ਸਾਂਝ ਪਾਉਣ ਅਤੇ ਆਪਣੀ ਪੜ੍ਹਾਈ ਨਾਲ ਸਾਂਝ ਪਾਈ ਰੱਖਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀ ਇਸ ਨਵੇਕਲੇ ਢੰਗ ਨਾਲ ਛੁੱਟੀਆਂ ਮਨਾਉਣ ਦੀ ਪ੍ਰੇਰਨਾ ਤੋਂ ਬਹੁਤ ਉਤਸਾਹਿਤ ਸਨ।

ਬੀਜੇਪੀ ਦੀਆਂ ਨੀਤੀਆਂ 'ਤੇ

# ਆਪ ਦੀਆਂ ਗੁੰਟੀਆਂ ਤੋਂ ਲੋਕ ਹੋਏ ਦੁਖੀ : ਖਹਿਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਬੀਜੇਪੀ ਦੀਆਂ ਕਿਸਾਨਾਂ, ਦੁਕਾਨਦਾਰਾਂ, ਮੱਧਵਰਗ, ਬੇਰੁਜ਼ਗਾਰ ਨੌਜਵਾਨਾਂ ਅਤੇ ਗਰੀਬਾਂ ਲਈ ਬਣਾਈਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਅਤੇ ਆਪ ਦੀਆਂ ਗੁੰਟੀਆਂ ਤੋਂ ਲੋਕ ਹੋਏ ਦੁਖੀ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਨੇ ਧੂਰੀ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਅਤੇ ਪੰਜਾਬ ਨੂੰ ਬਚਾਉਣ ਲਈ ਸਿਰਫ਼ 'ਤੇ ਸਿਰਫ਼ ਇੱਕੋ ਇੱਕ ਪਾਰਟੀ ਕਾਂਗਰਸ ਪਾਰਟੀ ਹੈ ਜੋ ਦੇਸ਼ ਦੇ ਸੰਵਿਧਾਨ ਬਚਾਅ ਕੇ ਦੇਸ਼ ਨੂੰ 10 ਸਾਲ ਲੁੱਟਣ ਅਤੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਵੇਚਣ ਵਾਲਿਆਂ ਨੂੰ ਰੋਕ ਕੇ ਦੇਸ਼ ਨੂੰ ਆਰਥਿਕ ਤੌਰ 'ਤੇ ਮੰਦਹਾਲੀ ਤੋਂ ਬਾਹਰ ਲਿਆ ਸਕਦੀ ਹੈ ਅਤੇ ਦੇਸ਼ ਦੇ ਕਿ ਦੇਸ਼ ਅਤੇ ਪੰਜਾਬ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਅਤੇ ਇੰਡੀਆ ਗਠਬੰਧਨ ਦੀ ਸਰਕਾਰ ਬਣਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਹਮੇਸ਼ਾ ਮੱਧਵਰਗੀ ਪਰਿਵਾਰਾਂ ਅਤੇ ਗ਼ਰੀਬਾਂ ਲਈ ਪਹਿਲ ਦੇ ਆਧਾਰ 'ਤੇ ਲੋਕ ਭਲਾਈ ਸਕੀਮਾਂ ਚਲਾਈਆਂ ਜਾਂਦੀਆਂ ਹਨ। ਇਜ ਮੌਕੇ ਕਾਗਰਸੀ ਆਗੂ ਰਾਹੁਲ ਭੱਠਲ, ਚੇਅਰਮੈਨ ਜਗਤਾਰ ਸਿੰਘ ਤਾਰਾ ਬੇਨੜਾ, ਕਾਗਰਸੀ ਆਗੂ ਹੰਸ ਰਾਜ ਗੁਪਤਾ, ਕਾਗਰਸੀ ਆਗੂ ਗੁਰਬਖਸ਼ ਸਿੰਘ ਗੁੱਡੂ,ਸਰਪੰਚ ਗੁਰਪਿਆਰ ਧੂਰਾ, ਲਖਵੀਰ ਸਿੰਘ ਬਮਾਲ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਸਰਪੰਚ ਮਿੱਠੂ ਲੱਡਾ, ਸਰਪੰਚ ਲਛਮਣ ਸਿੰਘ ਧਾਂਦਰਾ, ਸਰਪੰਚ ਮਨਜੀਤ ਸਿੰਘ ਪੇਧਨੀ ਹਾਜ਼ਰ ਸਨ।

ਸਾਂਸਦ ਮਾਨ ਨੇ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਵੱਡੇ ਇਕੱਠਾ ਨੂੰ ਕੀਤਾ ਸੰਬੋਧਨ

# ਕਾਗਰਸ, ਬੀਜੇਪੀ, ਆਪ ਪੰਜਾਬ ਦੇ ਸਿੱਖਾਂ ਲਈ ਬਹੁਤ ਘਾਤਕ ਹਨ :ਸਿਮਰਨਜੀਤ ਸਿੰਘ ਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਕਾਂਗਰਸ ਪਾਰਟੀ ਨੇ ਜੂਨ ਮਹੀਨੇ ਵਿੱਚ ਸਿੱਖਾਂ ਦੇ ਸਿਰਮੋਰ ਤਖਤ ਸ੍ਰੀ ਅਕਾਲ ਤਖਤ ਤੇ ਅਟੈਕ ਕਰਵਾ ਕੇ 1984 ਵਿੱਚ ਦਿੱਲੀ, ਕਾਨਪੁਰ, ਮੁੰਬਈ ਵਿੱਚ ਵਸਦੇ ਸਿੱਖਾਂ ਦੇ ਗਲਾਂ ਵਿੱਚ ਟਾਇਰ ਪਾ ਕੇ ਉਹਨਾਂ ਨੂੰ ਜਿਉਂਦਿਆਂ ਨੂੰ ਸਾੜਿਆ ਸੀ। ਸਿੱਖ ਕੌਮ ਇਸ ਨੂੰ ਕਦੇ ਵੀ ਨਹੀਂ ਭੁਲਾ ਸਕਦੀ ਲੋਕ ਸਭਾ ਦੀਆਂ ਚੋਣਾਂ 1 ਜੂਨ ਨੂੰ ਹੋਣ ਜਾ ਰਹੀਆਂ ਹਨ । ਜਿਸ ਦੇ ਨਤੀਜੇ 4 ਜੂਨ ਨੂੰ ਆਉਣਗੇ ਚਾਰ ਜੂਨ ਵਾਲੇ ਦਿਨ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਹਰਿਮੰਦਰ ਸਾਹਿਬ ਦੇ ਅਟੈਕ ਕਰਨ ਦੇ ਹੁਕਮ ਜਾਰੀ ਕੀਤੇ ਸਨ। ਜਿਸ ਕਰਕੇ ਸਿੱਖ ਕੌਮ ਵਿੱਚ ਬਹੁਤ ਭਾਰੀ ਨਿਰਾਸਾ ਪਾਈ ਜਾ ਰਹੀ ਸਿੱਖ ਕੌਮ ਕਦੇ ਵੀ ਕਾਂਗਰਸ ਦੇ ਉਮੀਦਵਾਰਾਂ ਨੂੰ ਵੋਟ ਨਹੀਂ ਪਾਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਉਮੀਦਵਾਰ ਲੋਕ ਸਭਾ ਹਲਕਾ ਸੰਗਰੂਰ ਨੇ ਕੀਤਾ ਅੱਜ ਉਹ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਭਲਵਾਨ, ਮੀਰਹੇੜੀ, ਜੱਖਲਾਂ ਅਤੇ ਕਿਲਾ ਹਕੀਮਾਂ ਵਿਖੇ ਵੱਡੇ ਇਕੱਠਾਂ ਨੂੰ ਸੰਬੋਧਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਇਸ ਮੌਕੇ ਹਰਬੰਸ ਸਿੰਘ ਸਲੇਮਪੁਰ, ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਨਿਹਾਲ ਸਿੰਘ, ਅਮਰਜੀਤ ਸਿੰਘ ਬਾਦਸਾਹਪੁਰ, ਵਾਸਵੀਰ ਸਿੰਘ ਭੁੱਲਰ, ਅਮਰੀਕ ਸਿੰਘ ਕਿਲਾ ਹਕੀਮਾਂ, ਬਲਜਿੰਦਰ ਸਿੰਘ ਧੰਦੀਵਾਲ, ਸੁਰਜੀਤ ਸਿੰਘ, ਮੇਵਾ ਸਿੰਘ, ਜਰਨੈਲ ਸਿੰਘ, ਰਾਜ ਸਿੰਘ ਭਲਵਾਨ, ਗੁਲਾਬ ਸਿੰਘ ਜਖਲਾਂ, ਕੁਲਵਿੰਦਰ ਸਿੰਘ, ਸੁਰਜੀਤ ਸਿੰਘ ,ਸਰਵਨ ਸਿੰਘ, ਪ੍ਰਤਾਪ ਸਿੰਘ, ਅਵਤਾਰ ਸਿੰਘ ਭੁੱਲਰਹੇੜੀ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ , ਗੁਰਪ੍ਰੀਤ ਸਿੰਘ ਮੂਲੋਵਾਲ, ਜਸਬੀਰ ਸਿੰਘ ਧੰਦੀਵਾਲ, ਰਣਜੀਤ ਸਿੰਘ ਪੰਜਗਰਾਈਆਂ , ਜਸਕਰਨ ਸਿੰਘ ਪੰਜਗਰਾਈਆਂ ਹਾਜ਼ਰ ਸਨ।

# ਰੇਲ ਗੱਡੀਆਂ ਵਿੱਚੋਂ ਮੋਬਾਇਲ ਫੋਨ ਚੋਰੀ ਕਰਨ ਵਾਲਾ ਪੁਲਿਸ ਦੇ ਅੜਿੱਕੇ



ਧੂਰੀ ( ਰਣਜੀਤ ਸਿੰਘ ਪੇਧਨੀ ) ਚੌਂਕੀ ਜੀ.ਆਰ.ਪੀ. ਧੂਰੀ ਦੀ ਪੁਲਿਸ ਨੇ ਰੇਲਵੇ ਗੱਡੀਆਂ ਵਿੱਚੋਂ ਯਾਤਰੀਆਂ ਦੇ ਮੋਬਾਇਲ ਫੋਨ ਚੋਰੀ ਕਰਨ ਵਾਲੇ ਇੱਕ ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ। ਚੌਂਕੀ ਜੀਆਰਪੀ. ਧੂਰੀ ਦੇ ਇੰਚਾਰਜ ਰਣਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਡੀਜੀਪੀ ਸਾਹਿਬ ਜੀਆਰਪੀਵੱਲੋਂ ਭੈੜੇ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀਆਂ ਹਦਾਇਤਾਂ ਦੇ ਮੱਦੇਨਜਰ ਚਲਾਈ ਮੁਹਿੰਮ ਤਹਿਤ ਪੁਲਿਸ ਪਾਰਟੀ ਨੇ ਪਲੇਟਫ਼ਾਰਮ ਨੰਬਰ 1 ਦੇ ਪੱਛਮੀ ਸਾਈਡ ਨੇੜੈ ਰੇਲਵੇ ਰੈਸਟ ਹਾਊਸ ਰੇਲਵੇ ਸਟੇਸਨ ਧੂਰੀ ਪਰ ਮੁਹੰਮਦ ਸਹਿਬਾਜ ਉਰਫ ਜੈਂਗੂ ਪੁੱਤਰ ਨਦੀਮ ਮੁਹੰਮਦ ਪੁੱਤਰ ਮੁਹੰਮਦ ਦੀਨ ਵਾਸੀ ਮਲੇਰਕੋਟਲਾ ਦੀ ਕੀਤੀ ਗਈ ਚੈਕਿੰਗ ਦੋਰਾਨ ਉਸ ਪਾਸੋਂ ਵੱਖ ਵੱਖ ਰੇਲ ਗੱਡੀਆਂ ਵਿੱਚੋਂ ਚੋਰੀ ਕੀਤੇ 5 ਮੋਬਾਇਲ ਫੋਨ ਬਰਾਮਦ ਹੋਏ, ਜਿੰਨ੍ਹਾਂ ਵਿੱਚੋਂ ਇਕ ਮੋਬਾਇਲ ਫੋਨ ਕੰਪਨੀ ਸੈਮਸੰਗ ਰੰਗ ਨੀਲਾ, ਦੂਸਰਾ ਮੋਬਾਇਲ ਫੋਨ ਕੰਪਨੀ ਸੈਮਸੰਗ ਰੰਗ ਗਰੇ, ਤੀਸਰਾ ਮੋਬਾਇਲ ਫੋਨ ਵੀਵੋ ਰੰਗ ਬਲੈਕ ਗਰੇ, ਚੋਥਾ ਮੋਬਾਇਲ ਫੋਨ ਕੰਪਨੀ ਵੀਵੋ ਰੰਗ ਅਸਮਾਨੀ ਬਿਨ੍ਹਾਂ ਸਿਮ ਅਤੇ ਪੰਜਵਾਂ ਮੋਬਾਇਲ ਫੋਨ ਕੰਪਨੀ ਰੈਡਮੀ ਰੰਗ ਚਿੱਟਾ ਹਨ। ਜਿੰਨਾ ਦੀ ਕੁੱਲ ਮਲਕੀਤੀ 51 ਹਜਾਰ ਰੁਪੈ ਹੈ। ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜਮ ਖਿਲਾਫ਼ ਮੁੱਕਦਮਾ ਨੰਬਰ 35 ਥਾਣਾ ਜੀ.ਆਰ.ਪੀ ਸੰਗਰੂਰ ਦਰਜ ਰਜਿਸਟਰ ਕਰਕੇ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਸ਼੍ਰੋਮਣੀ ਅਕਾਲੀ ਦਲ ਨੂੰ ਲੱਗਾ ਵੱਡਾ ਝੱਟਕਾ; ਦਵਿੰਦਰ ਸਿੰਘ ਸੰਧੂ ਲਾਲੀ ਢਾਲਾ ਆਪਣੇ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਵਿੱਚ ਸ਼ਾਮਿਲ




ਤਰਨ-ਤਾਰਨ, 17 ਮਈ (ਆਵਾਜ਼ਿ ਕੌਮ ਬਿਊਰੋ)-ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ ਅੱਜ ਉਸ ਵੇਲੇ ਵੱਡਾ ਸਿਆਸੀ ਧਮਾਕਾ ਹੋਇਆ ਜਿਸ ਨੇ ਕਾਂਗਰਸੀ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ ਦੀ ਜਿੱਤ ਯਕੀਨੀ ਵਿੱਚ ਬਦਲ ਦਿੱਤੀ ਜਦੋਂ ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਲਾਲੀ ਢਾਲਾ ਆਪਣੇ ਹਜ਼ਾਰਾਂ ਸਾਥੀਆਂ ਸਮੇਤ ਕਾਂਗਰਸ ਵਿੱਚ ਸ਼ਾਮਿਲ ਹੋ ਗਏ ।ਜਿਸ ਦੌਰਾਨ ਲਾਲੀ ਢਾਲਾ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ।ਜਿਸ ਨਾਲ ਕੁਲਬੀਰ ਸਿੰਘ ਜੀਰਾ ਦੀ ਚੋਣ ਮਹਿਮ ਨੂੰ ਵੱਡੀ ਮਜਬੂਤੀ ਮਿਲੀ। ਇਸ ਚੋਣ ਰੈਲੀ ਵਿੱਚ ਪਹੁੰਚੇ ਵਿਰੋਧੀ ਧਿਰ ਆਗੂ ਪ੍ਰਤਾਪ ਸਿੰਘ ਬਾਜਵਾ,ਪੰਜਾਬ ਇੰਚਾਰਜ ਹਰੀਸ਼ ਚੌਧਰੀ,ਵਿਧਾਇਕ ਰਾਣਾ ਗੁਰਜੀਤ ਸਿੰਘ,ਸਾਬਕਾ ਮੰਤਰੀ ਪ੍ਰਗਟ ਸਿੰਘ ਅਤੇ ਕਾਂਗਰਸੀ ਉਮੀਦਵਾਰ ਕੁਲਬੀਰ ਸਿੰਘ ਜੀਰਾ, ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ,ਸਾਬਕਾ ਵਿਧਾਇਕ ਲਾਡੀ ਸ਼ੇਰੋਵਾਲੀਆ ਨੇ ਲਾਲੀ ਢਾਲਾ ਅਤੇ ਰਵੀ ਗਰੈਵਾਲ ਦਾ ਕਾਂਗਰਸ ਵਿੱਚ ਆਉਣ ਤੇ ਸਨਮਾਨਿਤ ਕਰਦਿਆਂ ਜਲਦੀ ਹੀ ਪਾਰਟੀ ਵਿੱਚ ਵੱਡਾ ਮਾਣ ਸਤਿਕਾਰ ਦਿੱਤੇ ਜਾਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਪੰਜਾਬ ਇੰਚਾਰਜ ਹਰੀਸ਼ ਚੌਧਰੀ ਨੇ ਕਿਹਾ ਕਿ ਦੇਸ਼ ਵਿੱਚ ਕਾਂਗਰਸ ਦੀ ਸਰਕਾਰ ਆਉਣ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਕੇ ਪੰਜਾਬ ਵਿੱਚ ਵੱਡੀਆਂ ਇੰਡਸਟਰੀਜ਼ ਲਗਾਈਆਂ ਜਾਣਗੀਆਂ ।ਉਹਨਾਂ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਣ ਇਕ ਨਖਿੱਦ ਮੁੱਖ ਮੰਤਰੀ ਸਿਧ ਹੋਇਆ ।ਜਦੋਂ ਕਿ ਵਿਧਾਇਕ ਰਾਣਾ ਗੁਰਜੀਤ,ਸਾਬਕਾ ਮੰਤਰੀ ਪ੍ਰਗਟ ਸਿੰਘ ਅਤੇ ਕੁਲਬੀਰ ਸਿੰਘ ਜੀਰਾ ਤੇ ਸਾਬਕਾ ਵਿਧਾਇਕ ਲਾਡੀ ਸੈਰੋਵਾਲੀਆ ਨੇ ਕਿਹਾ ਕਿ ਨੇ ਪੰਜਾਬ ਦੇ ਅਮਨ ਪਸੰਦ ਲੋਕ ਪੰਜਾਬ ਵਿੱਚ ਮੁੜ ਕਾਲੇ ਦਿਨ ਨਹੀਂ ਵੇਖਣਾ ਚਾਹੁੰਦੇ ਇਸ ਲਈ ਉਹ ਆਪਣੀ ਵੋਟ ਦਾ ਇਸਤੇਮਾਲ ਬੜੀ ਸੋਚ ਸਮਝ ਕੇ ਕਰਨਗੇ ਅਤੇ ਆਪਣੀ ਇੱਕ ਇੱਕ ਵੋਟ ਕਾਂਗਰਸ ਪਾਰਟੀ ਨੂੰ ਦੇ ਗਏ ਕਾਂਗਰਸ ਪਾਰਟੀ ਜਿੱਤ ਯਕੀਨ ਵਿੱਚ ਬਦਲ ਗਏ। ਇਸ ਸਮੇਂ ਦਵਿੰਦਰ ਸਿੰਘ ਲਾਲੀ ਢਾਲਾ ਨੇ ਪਹੁੰਚੇ ਹੋਏ ਆਗੂਆਂ ਦਾ ਵੀ ਸਨਮਾਨ ਕਰਦਿਆਂ ਰੈਲੀ ਚ ਪਹੁੰਚੇ ਵੱਡੀ ਗਿਣਤੀ ਇਲਾਕਾ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਕਾਂਗਰਸੀ ਹਾਈ ਕਮਾਂਡ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਲਈ ਦਿਨ ਰਾਤ ਮਿਹਨਤ ਕਰਨਗੇ ।ਇਸ ਸਮੇਂ ਹੋਏ ਭਾਰੀ ਇਕੱਠ ਵਿੱਚ, ਨਰੇਸ਼ ਅਗਨੀਹੋਤਰੀ,ਜ਼ਿਲਾ ਕਾਂਗਰਸ ਦੇ ਜ਼ਿਲਾ ਪ੍ਰਧਾਨ ਕਰਨਬੀਰ ਸਿੰਘ ਕਰਨ ਬੁਰਜ, ਚੇਅਰਮੈਨ ਰਮਨ ਕੁਮਾਰ ਝਬਾਲ, ਜਗਤਾਰ ਸਿੰਘ ਬੁਰਜ,,ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਚੇਅਰਮੈਨ ਰਮਨ ਕੁਮਾਰ,ਬਲਾਕ ਪ੍ਰਧਾਨ ਸੋਨੂੰ ਦੋਦੇ,ਪ੍ਰਧਾਨ ਬਲਾਕ ਐਡਵੋਕੇਟ ਜਗਮੀਤ ਸਿੰਘ ਗੰਡੀਵਿੰਡ, ਪ੍ਰਧਾਨ ਤੇ ਸਰਪੰਚ ਗੁਰਪਾਲ ਸਿੰਘ ਜਗਤਪੁਰਾ, ,ਗੁਰਭਾਗ ਸਿੰਘ ਸੋਹਲ,ਸ਼ੈਲੀ ਸੋਹਲ,ਸੋਨੂੰ ਅੱਡਾ ਝਬਾਲ,ਬਲਵਿੰਦਰ ਸਿੰਘ ਅੱਡਾ ਝਬਾਲ,,ਯੂਥ ਆਗੂ ਉਂਕਾਰ ਸਿੰਘ ਸੋਹਲ,ਹਰਸ਼ਰਨ ਸਿੰਘ ਮੱਲਾ, ਅਵਤਾਰ ਸਿੰਘ ਤਨੇਜਾ,ਗੁਰਸਾਹਿਬ ਸਿੰਘ ਗਿੱਲ,ਮੈਂਬਰ ਹਰਭਿੰਦਰ ਸਿੰਘ,ਸੁਖਵਿੰਦਰ ਸਿੰਘ ਬਿੱਟੂ,ਮਾਸਟਰ ਜਸਪਾਲ ਸਿੰਘ,ਸਾਬਕਾ ਸਰਪੰਚ ਕੁਲਦੀਪ ਸਿੰਘ ਝਬਾਲ,ਮਨਜੀਤ ਸਿੰਘ ਕੇਬਲ ਵਾਲਾ,ਬਿੱਟੂ ਕੇਬਲ ਵਾਲਾ,ਸਰਪੰਚ ਨਰਿੰਦਰ ਝਬਾਲ,ਸਰਪੰਚ ਪ੍ਰਗਟ ਸਿੰਘ,ਸਰਪੰਚ ਅਮਰਜੀਤ ਸਿੰਘ, ਬਘੇਲ ਸਿੰਘ ਵਾਲਾ , ਜਿਲਾ ਤਰਨਤਾਰਨ ਦੇ ਯੂਥ ਪ੍ਰਧਾਨ ਉਂਕਾਰ ਸਿੰਘ ਸੋਹਲ ,ਸਰਪੰਚ ਸੋਨੂੰ ਬਰਾੜ ਦੋਦੇ, ਸਰਪੰਚ ਗੁਰਮੀਤ ਸਿੰਘ ਭੂਸੇ, ਸਰਪੰਚ ਗੁਰਬਚਨ ਸਿੰਘ ਕਸੇਲ, ਸਰਪੰਚ ਹਰਜੀਤ ਕੌਰ ਗੰਡੀਵਿੰਡ, ਸਰਪੰਚ ਕੇਹਰ ਸਿੰਘ ਨੋਸਹਿਰਾ, ਸਰਪੰਚ ਬਾਬਾ ਪਾਲ ਸਿੰਘ ਪੰਜਵੜ, ਸ਼ੇਰਾ ਰੱਖ,ਗੁਣਰਾਜ ਸਿੰਘ ਬੰਟੀ ਗੰਡੀਵਿੰਡ, ਜਗਤਾਰ ਸਿੰਘ ਬੁਰਜ ਪੱਟੀ, ਕਰਨਬੀਰ ਸਿੰਘ ਬੁਰਜ, ਹਰਮਨ ਸਿੰਘ ਸੇਖੋਂ, ਸੋਨੂੰ ਦੋਦੇ, ਸ਼ਨੀ ਸ਼ੇਰੋਂ, ਮਨਜਿੰਦਰ ਸਿੰਘ ਮੰਨਾ, ਗੁਰਜੀਤ ਸਿੰਘ ਬਿੱਟੂ ਸੋਹਲ , ਦਿਲਬਾਗ ਸਿੰਘ ਠੱਠਗੜ੍ਹ,ਆਦਿ ਤੋਂ ਇਲਾਵਾ ਹੋਰ ਵੀ ਕਾਂਗਰਸ ਪਾਰਟੀ ਦੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243